ਵਿਆਹਾਂ ਵਾਸਤੇ ਭਾਜੀ, ਨਿਸ਼ਾਨੀ, ਤਾਜਾ ਮਠਿਆਈ ਅਤੇ
ਹਰ ਤਰ੍ਹਾਂ ਦੀ ਕੇਟਰਿੰਗ ਵਾਸਤੇ ਸੰਪਰਕ ਕਰੋ
250-730-4000, 855-800-6582
ਵੀਰਜੀ ਹਵੇਲੀ ਕਲੀਅਰਬਰੁੱਕ ਰੋਡ ਐਬਟਸਫੋਰਡ

+91 77175-02848
+91 98146-12006
+91 99882-68982
ਦਿੱਲੀ, ਚੰਡੀਗੜ੍ਹ, ਅੰਮ੍ਰਿਤਸਰ ਏਅਰਪੋਰਟ ਤੋਂ ਸਾਰੇ ਪੰਜਾਬ ਵਿਚ ਸਰਵਿਸ ਦਿੰਦੇ ਹਾਂ
(ਇਸ਼ਤਿਹਾਰ ਸਫਾ ਬੀ24 ਤੇ ਦੇਖੋ)
+1 778-899-1576
+1 778-207-8100
EAGLE EYE
PICK & DROP
CAR RENTALS & TAXI SERVICE 24 HOURS DELHI AIRPORT SERVICE

Sidhu Homeopathic Clinic
Dr. Malkit Singh Sidhu D.H.M.S. (Hons.)
Dr. Kirandeep Kaur Sidhu D.H.M.S. (Pb.)
ਮਾਨਸਿਕ ਰੋਗ, ਘਬਰਾਹਟ, ਨੀਂਦ ਨਾ ਆਉਣੀ, ਦਮਾਂ, ਮੂੰਹ ਪੱਕਣਾ, ਚਮੜੀ ਰੋਗ, ਵਾਲਾਂ ਦੀ ਸਿੱਕਰੀ, ਜੋੜਾਂ ਦੇ ਦਰਦ, ਗਠੀਆ, ਯੂਰਿਕ ਐਸਿਡ, ਗੁਰਦਿਆਂ ਦੀਆਂ ਪੱਥਰੀਆਂ, ਮਰਦਾਂ ਅਤੇ ਇਸਤਰੀਆਂ ਦੇ ਰੋਗਾਂ ਅਤੇ ਨਸ਼ਾ ਛੁਡਾਉਣ ਲਈ ਹੋਮਿਓਪੈਥਿਕ ਦਵਾਈਆਂ ਨਾਲ ਇਲਾਜ ਕੀਤਾ ਜਾਂਦਾ ਹੈ।
Ph: 604-446-3154 NO SIDE EFFECTS
#109-12830-80Ave, Surrey, BC V3W 3A8 (York Centre)

ਪੰਜਾਬ ਐਬਟਸਫੋਰਡ
ਗਾਰਡੀਅਨ
PUNJAB GUARDIAN
B.C Greater Vancouver, Fraser Valley, Victoria,Nanaimo Prince George, Kamloops, Kelowna, Oliver, Squamish
ALBERTA Edmonton Calgary
ONTARIO Ottawa, Brampton Toronto
QUEBEC Montreal
USA Greater Seattle, Everett, Marysville Portland, Bellingham, Belivue, Lyndon, Lynwood
Tel: 604-590-5200 Fax:604-596-5700 Toll Free: 1-877-584-5200 Vol. 33, Issue No.34 Ending Date: Aug 21, 2026

ਲਖਜੀਤ ਸਿੰਘ ਸਾਰੰਗ
604-613-9100
Super Visa
Travel, Disability
Group Insurance
Life Insurance
Critical Illness
RESP, RRSP
TFSA, FHSA
EXPERIOR FINANCIAL GROUP INC.
LAKHJIT SARAN
604-613-9100

# ਐਰਨਦੀਪ ਸਿੰਘ ਧਾਮੀ ਨੇ 'ਵਾਰਜ਼ੋਨ ਗੇਮ 2026' 'ਚ ਜਿੱਤਿਆ ਪਹਿਲਾ ਇਨਾਮ

ਪੈਰਿਸ:ਸਰੀ ਨਿਵਾਸੀ ਐਰੋਨ ਦੀਪ ਧਾਮੀ, ਉਸਦੇ ਸਾਥੀ ਐਂਥਨੀ ਮੋਰਨ, ਐਸ਼ਟਨ ਏਜ਼ਾਰਡ ਤਿੰਨਾਂ ਦੀ ਟੀਮ ਨੇ 'ਵਾਰਜ਼ੋਨ ਗੇਮ 2026 'ਵਿੱਚ ਵਰਲਡ ਦਾ ਖਿਤਾਬ ਜਿੱਤ ਲਿਆ।ਵਰਨਣਯੋਗ ਹੈ ਕਿ ਐਰੋਨਦੀਪ ਧਾਮੀ ਸਰੀ ਦੇ ਉੱਘੇ ਸਮਾਜ ਸੇਵਕ ਸ. ਕੇਸਰ ਸਿੰਘ ਕੂੰਨਰ (ਗੁਰੂ ਨਾਨਕ ਫੂਡ ਬੈਂਕ) ਦੇ ਦੋਹਤਰੇ ਹਨ।ਤਿੰਨਾਂ ਪਲੇਅਰਾਂ ਨੇ ਪੈਰਿਸ ਵਿੱਚ ਹੋਏ ਟੂਰਨਾਮੈਂਟ ਵਿੱਚ ਭਾਗ ਲਿਆ।ਜਦੋਂ ਫਾਈਨਲ ਸ਼ੁਰੂ ਹੋਇਆ, ਚਾਰ ਪੜਾਵਾਂ ਵਿੱਚੋਂ ਹਰੇਕ ਪੜਾਵ ਵਿੱਚ ਚੋਟੀ ਦੇ ਤਿੰਨ ਫਾਈਨਲਾਂ ਵਿੱਚ ਅੱਗੇ ਰਿਹਾ।ਇਹ ਕੈਨੇਡੀਅਨ ਅਤੇ ਅਮਰੀਕੀ ਪਲੇਅਰਾਂ ਦੀ ਸਾਂਝੀ ਟੀਮ ਸੀ।ਦੱਖਣੀ ਕੋਰੀਆ ਦਾ ਦੂਜੇ ਸਥਾਨ 'ਤੇ ਚੀਨੀ ਸੰਗਠਨ, ਤੀਜੇ ਸਥਾਨ 'ਤੇ ਰਿਹਾ।ਇਸ ਤੋਂ ਪਹਿਲਾ ਯੂਰਪ ਦੀਆਂ ਟੀਮਾਂ ਹੀ ਜਿੱਤਦੀਆਂ ਸਨ।ਪਰ ਇਸ ਵਾਰ ਨਾਰਥ ਅਮਰੀਕਾ ਨੇ ਬਾਜ਼ੀ ਮਾਰ ਲਈ ਹੈ।ਇਸ ਦਿਮਾਗੀ ਗੇਮ ਵਿੱਚ ਇੱਕ ਸਰਦਾਰ ਬੱਚੇ ਨੇ ਸਿੱਖ ਕੌਮ ਦਾ ਨਾਮ ਉੱਚਾ ਕੀਤਾ ਹੈ ਅਤੇ ਦੱਸਿਆ ਅਸੀਂ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਹਾਂ ਪਰ ਸਾਨੂੰ ਯੋਗ ਅਗਵਾਈ ਦੀ ਲੋੜ ਹੈ।ਐਰੋਨਦੀਪ ਸਿੰਘ ਧਾਮੀ ਨੇ 83 ਹਜ਼ਾਰ ਅਮਰੀਕਨ ਡਾਲਰ ਅਤੇ ਸੋਨੇ ਦਾ ਮੈਡਲ ਇਨਾਮ ਵਜੋਂ ਪ੍ਰਾਪਤ ਕੀਤਾ।





# ਗੁਰਦੁਆਰਾ ਸਾਹਿਬ ਕਲਗੀਧਰ ਦਰਬਾਰ ਐਬਟਸਫੋਰਡ ਵਿਖੇ ਅੰਮ੍ਰਿਤਧਾਰੀ ਡਾਕਟਰ ਲੜਕੀ ਦਾ ਸਨਮਾਨ

ਐਬਰਟਸਫੋਰਡ:ਗੁਰਦੁਆਰਾ ਸਾਹਿਬ ਕਲਗੀਧਰ ਦਰਬਾਰ ਐਬਟਸਫੋਰਡ ਵਿਖੇ ਅੰਮ੍ਰਿਤਧਾਰੀ ਡਾਕਟਰ ਲੜਕੀ ਹਰਸਿਮਰਤ ਕੌਰ ਦਾ ਸਨਮਾਨ 9 ਅਗਸਤ ਨੂੰ ਕੀਤਾ ਗਿਆ।ਸਰਵਰਗਵਾਸੀ ਹਰਅੰਮ੍ਰਿਤ ਸਿੰਘ ਧਾਲੀਵਾਲ ਤੇ ਬੀਬੀ ਮਲਕੀਤ ਕੌਰ ਧਾਲੀਵਾਲ ਪਿੰਡ(ਟੂਸੇ) ਲੁਧਿਆਣਾ ਨਿਵਾਸੀ ਦੀ ਹੋਣਹਾਰ ਬੇਟੀ ਹਰਸਿਮਰਤ ਕੌਰ ਨੂੰ ਡਾਕਟਰ ਦੀ ਡਿਗਰੀ ਮਿਲਣ ਅਤੇ ਫੈਮਲੀ ਡਾਕਟਰ ਵਜੋਂ 4 ਅਗਸਤ ਨੂੰ ਐਬਟਸਫੋਰਡ ਵਿੱਚ ਕਲੀਨਿਕ ਸ਼ੁਰੂ ਕਰਨ ਦੇ ਮਾਣ ਵਜੋਂ ਅੰਮ੍ਰਿਤਧਾਰੀ ਡਾਕਟਰ ਬੀਬੀ ਹਰਸਿਮਰਤ ਕੌਰ ਨੂੰ ਗੁਰਦੁਆਰਾ ਸਾਹਿਬ ਕਲਗੀਧਰ ਦਰਬਾਰ ਅਬਟਸਫੋਰਡ ਦੀ ਸਮੁੱਚੀ ਕਮੇਟੀ ਵੱਲੋਂ ਸਿਰੋਪਾ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕਮੇਟੀ ਦੇ ਸੇਵਾਦਾਰਾਂ ਤੋਂ ਬਿਨਾਂ ਗੁਰੂ ਘਰ ਦੇ ਵਜ਼ੀਰ ਅਤੇ ਡਾਕਟਰ ਲੜਕੀ ਦੇ ਮਾਮਾ ਜੀ ਨਾਮਵਾਰ ਲੇਖਕ ਮਾਸਟਰ ਮਨਜੀਤ ਸਿੰਘ ਦਿਓਲ ਵੀ ਹਾਜ਼ਰ ਸਨ।ਡਾਕਟਰ (ਬਾਕੀ ਸਫਾ ਬੀ-4 ਤੇ)

# ਗੁਰਦੁਆਰਾ ਸਾਹਿਬ ਕਲਗੀਧਰ ਦਰਬਾਰ ਐਬਟਸਫੋਰਡ ਵਿਖੇ ਨਗਰ ਕੀਰਤਨ ਦੀਆਂ ਤਿਆਰੀਆਂ ਆਰੰਭ

ਐਬਟਸਫੋਰਡ(ਮਾਸਟਰ ਮਨਜੀਤ ਸਿੰਘ ਦਿਉਲ):ਐਬਟਸਫੋਰਡ ਵਿੱਚ 6 ਸਤੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਹੋਣ ਜਾ ਰਹੇ ਨਗਰ ਕੀਰਤਨ ਸਬੰਧੀ ਸੰਗਤਾਂ ਵਿੱਚ ਕਾਫੀ ਉਤਸ਼ਾਹ ਤੇ ਖੁਸ਼ੀ ਵੇਖੀ ਜਾ ਰਹੀ ਹੈ।ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ ਦੇ ਦੀਵਾਨਾਂ ਤੋਂ ਬਾਅਦ ਵੱਡੀ ਗਿਣਤੀ ਵਿੱਚ ਸੰਗਤਾਂ ਇਸ ਗੁਰੂ ਘਰ ਨਾਲ ਜੁੜੀਆਂ ਹਨ ਅਤੇ ਰੌਣਕ ਦੇਖੀ ਜਾ ਸਕਦੀ ਹੈ। ਦਿਨੋ ਦਿਨ ਸੰਗਤਾਂ ਦੀ ਗਿਣਤੀ ਵੱਧ ਰਹੀ ਹੈ।ਗੁਰੂ ਘਰ ਦੀ ਪ੍ਰਬੰਧਕ ਕਮੇਟੀ ਬਹੁਤ ਹੀ ਵਧੀਆਂ ਪ੍ਰੋਗ੍ਰਾਮ ਉਲੀਕ ਰਹੀ ਹੈ।ਚੰਗੇ ਰਾਗੀ ਜਥੇ, ਕਥਾ ਵਾਚਕ ਸਿੱਖੀ ਦੇ ਪ੍ਰਚਾਰ ਲਈ ਵਿਦਵਾਨ ਸੱਦਕੇ ਪ੍ਰਚਾਰ ਕੀਤਾ ਜਾ ਰਿਹਾ ਹੈ। ਢਾਡੀ ਜਥੇ ਢਾਡੀ ਵਾਰਾਂ ਰਾਹੀਂ ਸਿੱਖ ਸ਼ਹੀਦਾਂ ਦੀਆਂ ਦਾਸਤਾਨਾਂ ਸੁਣਾ ਕੇ ਕੌਮ ਨੂੰ ਇਤਿਹਾਸ ਨਾਲ ਜੋੜ ਰਹੇ ਹਨ।ਸਮੂੰਹ ਕਮੇਟੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਹੁੰਮ ਹੁੰਮਾ ਕੇ ਨਗਰ ਕੀਰਤਨ ਵਿੱਚ ਸ਼ਾਮਲ ਹੋਵੋ।

Award Winner Realtor in Fraser Valley
*RESIDENTIAL *COMMERCIAL *AGRICULTURAL
ਘਰ, ਬੇਰੀ ਫਾਰਮ, ਖਾਲੀ ਜ਼ਮੀਨ, ਲਾਟ ਜਾਂ ਵਪਾਰਕ ਜਾਇਦਾਦ ਖਰੀਦਣ ਜਾਂ ਵੇਚਣ ਵੇਲੇ ਵਾਜਬ ਰੇਟ ਅਤੇ ਸ਼ਾਨਦਾਰ ਸੇਵਾਵਾਂ ਲਈ ਹਮੇਸ਼ਾਂ ਯਾਦ ਰੱਖੋ
2026
DR. GURVINDER SINGH DHALIWAL
604-825-1550
gurvindersinghprec@gmail.com
WEBSITE:WWW.GURVINDERSINGHDHALIWAL.COM

ਸੁਪਰ ਵੀਜ਼ਾ
ਦੇ ਲਈ ਵਿਜ਼ਟਰ ਇਨਸ਼ੋਰੈਂਸ
ਵੀਜ਼ਾ ਨਾ ਲਗਣ ਤੇ 100% ਪੈਸੇ ਵਾਪਸ
• ਲਾਈਫ ਇੰਸ਼ੋਰੈਂਸ • ਟਰੈਵਲ ਇੰਸ਼ੋਰੈਂਸ • ਵਿਜ਼ਟਰ ਇੰਸ਼ੋਰੈਂਸ
• ਡੈਂਟਲ ਤੇ ਮੈਡੀਕਲ ਪਲੈਨ• ਆਰ ਈ ਐਸ ਪੀ, ਆਰ ਆਰ ਐਸ ਪੀ
• ਮਨੀ-ਬੈਕ ਟਰਮ ਇੰਸ਼ੋਰੈਂਸ
• ਕ੍ਰਿਟੀਕਲ ਇਲਨੈੱਸ ਇੰਸ਼ੋਰੈਂਸ
• ਪਰੋਵਿੰਸ ਤੋਂ ਬਾਹਰ ਕਵਰੇਜ
• ਸਪੈਸ਼ਲ ਡਿਸਅਬਿਲਿਟੀ ਇੰਸ਼ੋਰੈਂਸ
ਟੈਕਸੀ ਤੇ ਟਰੱਕ ਡਰਾਈਵਰਾਂ ਵਾਸਤੇ
ਅਸੀਂ ਘਰਾਂ ਅਤੇ ਕਾਰਾਂ ਦੀ ਇੰਸ਼ੋਰੈਂਸ ਵੀ ਕਰਦੇ ਹਾਂ
Insurance
ਜਸਵੀਰ ਗਰੇਵਾਲ
778 317 6262
JasvirGrewal0596@Gmail.com
ਆਪਣਾ ਜੀਵਨ ਬੀਮਾ ਕਰਵਾਉਣਾ, ਆਪਣੇ ਭਰੋਸੇ ਨੂੰ ਪੱਕਿਆਂ ਕਰਨਾ ਹੈ

A-CLASS FOREIGN EXCHANGE
ਤੁਸੀਂ ਇੰਡੀਆ ਨੂੰ ਪੈਸੇ ਜਿਸ ਰਾਹੀਂ ਮਰਜ਼ੀ ਭੇਜੋ ਪਰ ਸਾਡੇ ਨਾਲ ਰੇਟ ਜ਼ਰੂਰ ਚੈਕ ਕਰੋ
24 ਘੰਟਿਆਂ 'ਚ ਆਪਣੇ ਪੈਸੇ ਭੇਜਣ ਜਾਂ ਮੰਗਵਾਉਣ ਲਈ
ਹਰਮੀਤ ਸਿੰਘ ਖੁੱਡੀਆਂ
Punjab Travels
#204-2642 Ceder Park Place Abbotsford
604-825-2222

ਇੰਡੀਆ ਪੈਸੇ ਭੇਜਣ ਜਾਂ ਮੰਗਵਾਉਣ ਲਈ ਇੱਕੋ ਇੱਕ ਨਾਮ
ZIRA CURRENCY EXCHANGER LTD.
ਲੰਮੇ ਸਮੇਂ ਤੋਂ ਭਰੋਸੇ ਯੋਗ ਸੇਵਾਵਾਂ ਡਾਲਰ ਦਾ ਸਭ ਤੋਂ ਵਧੀਆ ਰੇਟ
604-562-7000, 604-314-0000
#397-8148-128 ST.
(PAYAL BUSINESS CENTRE) SURREY

BRILLIANT COACH LABOUR CONTRACTING LTD
ਕੈਨਰੀ ਵਿਚ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ।
ਰਸਬੇਰੀ, ਸਟਰਾਅ ਬੇਰੀ, ਬਲਿਊ ਬੇਰੀ ਅਤੇ ਬਲੈਕ ਬੇਰੀ ਤੋੜਨ ਵਾਸਤੇ ਵਰਕਰਾਂ ਦੀ ਲੋੜ ਹੈ।
ਸਾਨੂੰ ਕਲਾਸ 4 ਅਤੇ 5 ਡਰਾਈਵਰਾਂ ਦੀ ਵੀ ਲੋੜ ਹੈ।
ਹੋਰ ਜਾਣਕਾਰੀ ਲਈ ਫੋਨ ਕਰੋ
778-536-0693

ਗੁਰੂ ਨਾਨਕ ਜਿਊਲਰਜ਼ ਲਿਮ.
24k & 22k Gold Jewelry
Lucky Stones
Gemstones
40% OFF
Seiko & Citizen Watches
ABBOTSFORD LOCATION
#103 - 2752 Allwood St. Abbotsford, BC V2T 3R7
604-864-6066 | 604-853-5259

ਵਰਕਰਾਂ ਦੀ ਲੋੜ
ਲੋਅਰ ਮੇਨਲੈਂਡ ਦੀ ਮਸ਼ਹੂਰ ਤੇ ਪੁਰਾਣੀ ਕੰਪਨੀ ਜੈਸ ਕੰਸਟਰਕਸ਼ਨ ਨੂੰ ਫਰੇਮਿੰਗ ਦੇ ਕੰਮ ਲਈ ਤਜਰਬੇਕਾਰ ਅਤੇ ਬਿਨਾ ਤਜਰਬੇ ਤੋਂ ਵਰਕਰਾਂ ਦੀ ਤੁਰੰਤ ਲੋੜ ਹੈ।ਰਾਈਡ ਦਾ ਪ੍ਰਬੰਧ ਹੋਵੇਗਾ।
ਤਨਖਾਹ $15-$30 ਪ੍ਰਤੀ ਘੰਟਾ
6 ਦਿਨ ਕੰਮ, 10 ਘੰਟੇ ਰੋਜ਼ਾਨਾ
Ph:604-209-2722

MOHIE Travel Ltd.
#122-32083 Hillcrest Ave, Abbotsford
• DOMESTIC & INTERNATIONAL TICKETS • TOURS • CRUISES
ਅਸੀਂ ਪਾਸਪੋਰਟ ਬਣਾਉਣ ਲਈ ਹਰੇਕ ਤਰ੍ਹਾਂ ਦੇ ਫਾਰਮ ਭਰਦੇ ਹਾਂ
ਟਰੈਵਲ ਟਿਕਟ ਸਰਵਿਸਿਜ਼
Contact Jarnail S Maan 604-746-9222
Email:mohietravel@gmail.com

Universal Auto Collision Ltd.
• ICBC Claims • Private Claims • Free Courtesy Cars
• Auto Glass Replacement • Free Estimates Fax: 604-596-3800
We Moved To New Location
27441-FRASER HWY. ALDERGROVE, BC
» ਆਈ. ਸੀ. ਬੀ. ਸੀ. ਕਲੇਮਜ਼ » ਪ੍ਰਾਈਵੇਟ ਕਲੇਮਜ਼ » ਫਰੀ ਐਸਟੀਮੇਟ
» ਫਰੀ ਕਰਟਸੀ ਕਾਰ » ਆਟੋ ਗਲਾਸ ਰਿਪਲੇਸਮੈਂਟ
Ph. 604-596-2800
Satisfaction Guarantee

PACIFIC NURSERIES
*Certified Imported from USA
*High Quality & Healty Plants
*Ready to Plant *Potted in One Gallon
ONLY FOR WHOLESALERS
TO BOOK YOUR ORDER CONTACT:
ਬਲਿਊਬੇਰੀ (ਡਿਊਕ) ਅਤੇ ਸੀਡਰ ਹੈਜਿੰਗ ਪਲਾਂਟ ਤਿਆਰ ਹਨ
778-552-0305



FARM AND SPICE
FARM AND SPICE
Weekly Special
Aug 14 - 20
*Special Sampling in Certain Stores*
Designer Rakhi Available at All Locations
ਰੋਮਾ ਟਮਾਟਰ
Roma Tomato
Per lb
$1.49
ਹਰੀ ਸ਼ਿਮਲਾ ਮਿਰਚ
Green Pepper
Per lb
$1.49
ਅਦਰਕ
Ginger
Per lb
$1.49
ਬੈਂਗਣ
Baby Eggplant
Per lb
$1.49
ਗਾਜਰ
Red Fruit Carrot
Per lb
$1.49
ਸੰਤਰੇ
Mandarin
Per lb
$1.49
ਲਸਣ
Garlic
Per 1 Kg
$2.99
ਨਾਰੀਅਲ
Young Coconut
2 for
$5.00
ਸ਼ੇਰ ਦਾਲਾ
Sher Kala Chana, Kabuli Cickpeas & Light Kidney Beans
4 Lbs
$5.99
ਕਨੋਲਾ ਤੇਲ
Canaddin Pride Canola Oil
3 Ltrs
$10.99
ਨਾਨਕ ਵੈਜੀ ਬਰਗਰ ਪੈਟੀ
Nanak Veggie Burger Patty
850 gms
$8.99
ਨਾਨਕ ਰਸਮਲਾਈ
Nanak Rasmalai Assorted
850 gms
$8.99
ਸਵੇਰਾ ਪਨੀਰ
Savera Paneer
341 gms
$3.99
ਨੋਵਾਰਾ ਬਾਸਮਤੀ
Novaraa Basmati
5 Kg
$9.99
ਨਾਨਕ ਦੇਸੀ ਘਿਓ
Nanak Desi Ghee
3.5 Lbs
$27.99
ਬਾਜ਼ ਆਟਾ
Baaz Drum Wheat Atta
20 Lbs
$10.99
*while supply last
Open 7 Days a Week
8:30 am to 10:00 pm
farmandspice.com
#9546-9548 Scott Town Plaza
96 Ave Scott Road Surrey
# 09-10 12830 96 Ave.
Surrey BC | Tel: 604 930 7742
# 103-104 14320 64 Ave.
Surrey BC | Tel: 604 593 6323

# ਕੀ ਸੁਖਬੀਰ ਭਾਜਪਾ ਅੱਗੇ ਗੋਡੇ ਟੇਕ ਰਿਹੈ?

## ਸ਼੍ਰੋਮਣੀ ਅਕਾਲੀ ਦਲ ਦਾ ਮਹਿਲਾ ਰਾਖਵਾਂਕਰਨ ਤੇ ਹਲਕਾਬੰਦੀ ਬਿੱਲ ਬਾਰੇ ਸਟੈਂਡ ਕਿਵੇਂ ਬਦਲਿਆ? ਭਾਜਪਾ ਨੂੰ ਅਕਾਲੀ ਦਲ ਦੀ ਕੀ ਲੋੜ ਹੈ?

ਚੰਡੀਗੜ੍ਹ:-ਸ਼੍ਰੋਮਣੀ ਅਕਾਲੀ ਦਲ ਨੇ ਹਾਲ ਹੀ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਅਤੇ ਹਲਕਿਆਂ ਦੀ ਹੱਦਬੰਦੀ ਬਾਬਤ ਬਿੱਲ ਦਾ ਸਮਰਥਨ ਕੀਤਾ ਹੈ।ਇਸ ਤੋਂ ਬਾਅਦ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ‘ਤੇ ਭਾਜਪਾ ਨਾਲ ਗਠਜੋੜ ਕਰਨ ਲਈ ‘ਬੇਤਾਬ’ ਹੋਣ ਦੀ ਗੱਲ ਆਖ ਕੇ ਨਿਸ਼ਾਨੇ ਸਾਧੇ ਹਨ।ਹਾਲਾਂਕਿ, ਤ੍ਰਿਣਮੂਲ ਕਾਂਗਰਸ ਦੇ ਲੋਕ ਸਭਾ ਮੈਂਬਰ ਮਹੂਆ ਮੋਇਤਰਾ ਨੇ ਸੁਖਬੀਰ ਸਿੰਘ ਬਾਦਲ ਨੂੰ ਸਾਵਧਾਨ ਰਹਿਣ ਦੀ ਸਲਾਹ ਦਿੱਤੀ ਹੈ।ਦਰਅਸਲ, ਸ਼੍ਰੋਮਣੀ ਅਕਾਲੀ ਦਲ ਦਾ ਮਹਿਲਾ ਰਾਖਵਾਂਕਰਨ ਬਿੱਲ ਅਤੇ ਹਲਕਾਬੰਦੀ ਬਿੱਲ 2026 ਨੂੰ ਸਮਰਥਨ ਕਰਨ ਦਾ ਫ਼ੈਸਲਾ ਪਾਰਟੀ ਦੇ ਪ੍ਰਧਾਨ ਸੁਖਬੀਰ ਬਾਦਲ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕਰਨ ਮਗਰੋਂ ਆਇਆ। ਇਸ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਨੇ ਹਲਕਾਬੰਦੀ ਬਿੱਲ ਦਾ ਵਿਰੋਧ ਕੀਤਾ ਸੀ।ਪਿਛਲੇ ਹਫ਼ਤੇ ਸ਼ੁੱਕਰਵਾਰ ਨੂੰ ਸੁਖਬੀਰ ਬਾਦਲ ਨੇ ਪ੍ਰਧਾਨ ਮੰਤਰੀ ਨਾਲ ਮੀਟਿੰਗ ਕੀਤੀ ਸੀ। ਇਸ ਮਗਰੋਂ ਅਗਲੇ ਹੀ ਦਿਨ ਪਾਰਟੀ ਵੱਲੋਂ ਆਪਣੇ ਸੀਨੀਅਰ ਆਗੂਆਂ ਦੀ ਇੱਕ ਮੀਟਿੰਗ ਚੰਡੀਗੜ੍ਹ ਵਿਖੇ ਸੱਦੀ ਗਈ ਸੀ।ਮੀਟਿੰਗ ਮਗਰੋਂ ਅਕਾਲੀ ਦਲ ਨੇ ਮਹਿਲਾਵਾਂ ਦੇ ਰਾਖ਼ਵੇਕਰਨ ਕਾਨੂੰਨ ਨੂੰ ਲਾਗੂ ਕਰਨ ਅਤੇ ਨਿਰਪੱਖ ਹਲਕਾਬੰਦੀ ਕਰਨ ਦੀ ਮੰਗ ਕੀਤੀ ਸੀ।ਅਪ੍ਰੈਲ ਮਹੀਨੇ ਦੇ ਲੋਕ ਸਭਾ ਸੈਸ਼ਨ ਵਿੱਚ ਹਲਕਾਬੰਦੀ ਬਿੱਲ ਪਾਸ ਨਹੀਂ ਹੋ ਸਕਿਆ ਸੀ ਪਰ ਹੁਣ ਇਸ ਬਿੱਲ ਉੱਤੇ ਫਿਰ ਚਰਚਾ ਚੱਲ ਰਹੀ ਹੈ। ਸਿਆਸੀ ਮਾਹਰਾਂ ਮੁਤਾਬਕ ਇਸ ਬਿੱਲ ਨੂੰ ਦੁਬਾਰਾ ਸਦਨ ਵਿੱਚ ਲਿਆਉਣ ਲਈ ਕੋਸ਼ਿਸ਼ਾਂ ਹੋ ਰਹੀਆਂ ਹਨ।ਮਾਹਰਾਂ ਮੁਤਾਬਕ ਕੇਂਦਰ ਸਰਕਾਰ ਦੀ ਯੋਜਨਾ ਮਹਿਲਾ ਰਾਖਵਾਂਕਰਨ ਕਾਨੂੰਨ ਨੂੰ ਹਲਕਾਬੰਦੀ ਬਿੱਲ ਦੇ ਪਾਸ ਹੋਣ ਮਗਰੋਂ ਹੀ ਲਾਗੂ ਕਰਨ ਦੀ ਯੋਜਨਾ ਹੈ। ਇਸ ਲਈ ਮਾਹਰ ਪ੍ਰਧਾਨ ਮੰਤਰੀ ਅਤੇ ਸੁਖਬੀਰ ਬਾਦਲ ਦਰਮਿਆਨ ਮੀਟਿੰਗ ਅਤੇ ਸਮਰਥਨ ਨੂੰ ਹਲਕਾਬੰਦੀ ਬਿੱਲ ਦੇ ਹੱਕ ਵਿੱਚ ਵੋਟਾਂ ਇਕੱਠੀਆਂ ਕਰਨ ਦੀ ਇੱਕ ਕੋਸ਼ਿਸ਼ ਵਜੋਂ ਵੀ ਦੇਖ ਰਹੇ ਹਨ।ਸੁਖਬੀਰ ਵੀ ਮੋਦੀ ਅੱਗੇ ਗੋਡੇ ਟੇਕਣ ਲਈ ਤਿਆਰ ਹੈ।ਉਹ ਸਿਰਫ ਪੰਜਾਬ ਵਿੱਚ ਕੁਰਸੀ ਭਾਲਦਾ ਹੈ ਜਿਸ ਲਈ ਉਹ ਸਭ ਸਿਧਾਂਤ ਛਿੱਕੇ ਟੰਗ ਰਿਹਾ ਹੈ।ਮੌਜੂਦਾ ਸਮੇਂ ਲੋਕ ਸਭਾ ਵਿੱਚ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਦੇ ਰੂਪ ਵਿੱਚ ਸ਼੍ਰੋਮਣੀ ਅਕਾਲੀ ਦਲ ਕੋਲ ਇੱਕ ਵੋਟ ਹੈ। ਇਸ ਤੋਂ ਇਲਾਵਾ ਮਾਹਰ ਮੰਨਦੇ ਹਨ ਇਹਨਾਂ ਸਰਗਰਮੀਆਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਭਾਜਪਾ ਨਾਲ ਗਠਜੋੜ ਕਰਨ ਦੀ ਇੱਛਾ ਅਤੇ ਬੇਤਾਬੀ ਸਪੱਸ਼ਟ ਕੀਤੀ ਹੈ।ਤ੍ਰਿਣਮੂਲ ਕਾਂਗਰਸ (ਟੀਐੱਮਸੀ) ਦੀ ਕ੍ਰਿਸ਼ਨਨਗਰ ਤੋਂ ਮੈਂਬਰ ਪਾਰਲੀਮੈਂਟ ਮਹੂਆ ਮੋਇਤਰਾ ਨੇ ਆਪਣੇ ਸੋਸ਼ਲ ਮੀਡੀਆ ਖਾਤਾ ‘ਐਕਸ’ ਰਾਹੀਂ ਸੁਖਬੀਰ ਸਿੰਘ ਬਾਦਲ ਨੂੰ ਸਾਵਧਾਨ ਰਹਿਣ ਦੀ ਗੱਲ ਆਖੀ ਸੀ।ਉਨ੍ਹਾਂ ਆਪਣੇ ਸੋਸ਼ਲ ਮੀਡੀਆ ਖਾਤੇ ਰਾਹੀਂ ਸੁਖਬੀਰ ਬਾਦਲ ਦੀ ਪੋਸਟ ਉੱਤੇ ਟਿੱਪਣੀ ਕਰਦਿਆਂ ਦਾਅਵਾ ਕੀਤਾ ਕਿ, “ਮਹਿਲਾ ਰਾਖਵਾਂਕਰਨ ਬਿੱਲ ਸਤੰਬਰ 2023 ਵਿੱਚ ਪਾਸ ਹੋ ਗਿਆ ਸੀ। ਇਸਨੂੰ ਮੌਜੂਦਾ ਸੀਟ ਦੇ ਆਧਾਰ ‘ਤੇ ਕੱਲ੍ਹ ਲਾਗੂ ਕੀਤਾ ਜਾ ਸਕਦਾ ਹੈ।“ ”ਹਲਕਾਬੰਦੀ ਦਾ ਮਹਿਲਾ ਰਾਖਵੇਂਕਰਨ ਨਾਲ ਕੋਈ ਸਬੰਧ ਨਹੀਂ ਹੈ। ਕਿਰਪਾ ਕਰਕੇ ਇਸ ਜਾਲ ਵਿੱਚ ਨਾ ਫਸੋ ਅਤੇ ਭਾਜਪਾ ਦੇ ਪ੍ਰਚਾਰ ਨੂੰ ਅੱਗੇ ਨਾ ਵਧਾਓ।



## ਪਾਕਿਸਤਾਨ, ਸਾਊਦੀ ਅਰਬ ਅਤੇ ਤੁਰਕੀ ਨੇ ਰੱਖਿਆ ਸਮਝੌਤੇ ‘ਤੇ ਦਸਤਖਤ ਕੀਤੇ

ਮੱਧ ਪੂਰਬ ਵਿੱਚ ਵਧਦੇ ਤਣਾਅ ਦੇ ਵਿਚਕਾਰ, ਪਾਕਿਸਤਾਨ, ਸਾਊਦੀ ਅਰਬ ਅਤੇ ਤੁਰਕੀ ਨੇ ਸ਼ੁੱਕਰਵਾਰ ਨੂੰ ਮੱਕਾ ਸੰਯੁਕਤ ਰੱਖਿਆ ਸਮਝੌਤੇ ‘ਤੇ ਦਸਤਖਤ ਕੀਤੇ, ਜਿਸ ਦੇ ਤਹਿਤ ਤਿੰਨਾਂ ਦੇਸ਼ਾਂ ਵਿੱਚੋਂ ਕਿਸੇ ਇੱਕ ‘ਤੇ ਵੀ ਹਥਿਆਰਬੰਦ ਹਮਲਾ ਉਨ੍ਹਾਂ ਸਾਰਿਆਂ ‘ਤੇ ਹਮਲਾ ਮੰਨਿਆ ਜਾਵੇਗਾ।ਵਿਦੇਸ਼ ਦਫ਼ਤਰ ਨੇ ਇੱਕ ਬਿਆਨ ਵਿੱਚ ਕਿਹਾ ਕਿ ਸਾਂਝੇ ਰੱਖਿਆ ਲਈ ਮੱਕਾ ਅਲ-ਮੁਕਰਮਾਹ ਸੰਮੇਲਨ ਦੌਰਾਨ ਇਸ ਸਮਝੌਤੇ ‘ਤੇ ਦਸਤਖਤ ਕੀਤੇ ਗਏ ਸਨ, ਜਿਸ ਵਿੱਚ ਸਾਊਦੀ ਕ੍ਰਾਊਨ ਪ੍ਰਿੰਸ ਅਤੇ ਪ੍ਰਧਾਨ ਮੰਤਰੀ ਮੁਹੰਮਦ ਬਿਨ ਸਲਮਾਨ, ਤੁਰਕੀ ਦੇ ਰਾਸ਼ਟਰਪਤੀ ਰੇਸੇਪ ਤੈਯਪ ਏਰਦੋਗਨ ਅਤੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਸ਼ਾਮਲ ਹੋਏ ਸਨ।















# ਜਿਨਸੀ ਸ਼ੋਸ਼ਣ ਦੇ ਦੋਸ਼ੀ ਭਾਰਤੀ ਮੂਲ ਦੇ ਸਰਜਨ ਨੂੰ ਨੌਕਰੀ ਤੋਂ ਕੱਢਿਆ



ਲੰਡਨ: ਉੱਤਰੀ ਇੰਗਲੈਂਡ ਦੇ ਇੱਕ ਰਾਸ਼ਟਰੀ ਸਿਹਤ ਸੇਵਾ ਹਸਪਤਾਲ ਵਿੱਚ ਮਹਿਲਾ ਸਾਥੀਆਂ ਨਾਲ ਜਿਨਸੀ ਸ਼ੋਸ਼ਣ ਕਰਨ ਲਈ ਆਪਣੇ ਅਹੁਦੇ ਦੀ ਦੁਰਵਰਤੋਂ ਕਰਨ ਦੇ ਦੋਸ਼ ਵਿੱਚ ਜੇਲ੍ਹ ਜਾਣ ਤੋਂ ਬਾਅਦ ਇੱਕ ਸੀਨੀਅਰ ਭਾਰਤੀ ਮੂਲ ਦੇ ਦਿਲ ਦੇ ਸਰਜਨ ਨੂੰ ਯੂਨਾਈਟਿਡ ਕਿੰਗਡਮ ਵਿੱਚ ਦਵਾਈ ਦਾ ਅਭਿਆਸ ਕਰਨ ਤੋਂ ਹਟਾ ਦਿੱਤਾ ਗਿਆ ਹੈ।

55 ਸਾਲਾ ਡਾ. ਅਮਲ ਕ੍ਰਿਸ਼ਨਾ ਬੋਸ ਨੂੰ ਪਿਛਲੇ ਸਾਲ ਸਤੰਬਰ ਵਿੱਚ ਛੇ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ, ਜਿਸ ਵਿੱਚ 2017 ਅਤੇ 2022 ਦੇ ਵਿਚਕਾਰ ਲੈਂਕਾਸ਼ਾਇਰ ਦੇ ਬਲੈਕਪੂਲ ਵਿਕਟੋਰੀਆ ਹਸਪਤਾਲ ਵਿੱਚ ਪੰਜ ਮਹਿਲਾ ਸਟਾਫ ਮੈਂਬਰਾਂ ਨੂੰ ਅਣਉਚਿਤ ਛੂਹਣ ਅਤੇ ਜਿਨਸੀ ਟਿੱਪਣੀਆਂ ਕਰਨ ਸਮੇਤ ਜਿਨਸੀ ਸ਼ੋਸ਼ਣ ਦੇ 12 ਦੋਸ਼ ਸ਼ਾਮਲ ਸਨ।

ਮੈਡੀਕਲ ਪ੍ਰੈਕਟੀਸ਼ਨਰ ਟ੍ਰਿਬਿਊਨਲ ਸਰਵਿਸ ਦੁਆਰਾ ਸੁਣਵਾਈ ਤੋਂ ਬਾਅਦ, ਜੋ ਕਿ ਪਿਛਲੇ ਹਫ਼ਤੇ ਸਮਾਪਤ ਹੋਈ, ਬੋਸ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ ਅਤੇ ਅਪੀਲ ਦੀ ਮਿਆਦ ਖਤਮ ਹੋਣ ਤੋਂ ਬਾਅਦ ਜਨਰਲ ਮੈਡੀਕਲ ਕੌਂਸਲ ਰਜਿਸਟਰ ਤੋਂ ਰਸਮੀ ਤੌਰ 'ਤੇ ਮਿਟਾ ਦਿੱਤਾ ਜਾਵੇਗਾ।

## (ਮੁੱਖ ਪੰਨੇ ਦੀ ਬਾਕੀ)

ਹਰਸਿਮਰਤ ਕੌਰ ਧਾਲੀਵਾਲ ਨੇ ਚੜਦੀ ਉਮਰ ਵਿੱਚ ਅੰਮ੍ਰਿਤ ਪਾਨ ਕਰਕੇ ਗੁਰੂ ਘਰ ਦੇ ਸੈਕਟਰੀ ਬਾਜ਼ ਸਿੰਘ ਜੱਸਲ ਦੇ ਬੋਲਾਂ ਨੂੰ ਪੂਰਾ ਕੀਤਾ।ਚੇਤੇ ਰਹੇ ਜਦੋਂ ਹਰਸਿਮਰਤ ਕੌਰ ਛੋਟੀ ਬੱਚੀ ਸੀ ਉਸ ਸਮੇਂ ਸ. ਬਾਜ ਸਿੰਘ ਜੱਸਲ ਨੇ ਕਿਹਾ ਸੀ ਤੂੰ ਅੰਮ੍ਰਿਤ ਛੱਕ ਕੇ ਡਾਕਟਰ ਬਣਨਾ ਹੈ। ਹਰਸਿਮਰਤ ਕੌਰ ਨੇ ਵੈਨਕੂਵਰ ਦੀ ਯੂਬੀਸੀ ਤੋਂ ਡਿਗਰੀ ਪ੍ਰਾਪਤ ਕੀਤੀ ਹੈ । ਲੜਕੀ ਦੀ ਮਾਤਾ ਬੀਬੀ ਮਲਕੀਤ ਕੌਰ ਨੇ ਸਖਤ ਮਿਹਨਤ ਕਈ ਕਈ ਸਿਫਟਾਂ ਚ ਕੰਮ ਕਰ ਕੇ ਸਿੰਗਲ ਮਾਂ ਹੋਣ ਦੇ ਬਾਵਜੂਦ ਵੀ ਆਪਣੀਆਂ ਦੋਨੋਂ ਬੇਟੀਆਂ ਨੂੰ ਟੌਪ ਦੀ ਪੜ੍ਹਾਈ ਕਰਵਾਈ ਹੈ। ਛੋਟੀ ਬੇਟੀ ਵੀ ਇੱਕ ਵੱਡੀ ਕੰਪਨੀ ਵਿੱਚ ਐਚ ਆਰ ਦੀ ਨੌਕਰੀ ਕਰ ਰਹੀ ਹੈ। ਦੋਨੋਂ ਬੇਟੀਆਂ ਸਕੂਲ ਕਾਲਜ ਵਿੱਚ ਪੜ੍ਹਾਈ ਵਿੱਚ ਟੌਪਰ ਰਹੀਆਂ ਹਨ।

ਅੰਮ੍ਰਿਤਧਾਰੀ ਹੋਣ ਦੇ ਬਾਵਜੂਦ ਵੀ ਸੋਸ਼ਲ ਕੰਮਾਂ ਵਿੱਚ ਵੱਧ ਚੜ ਕੇ ਹਿੱਸਾ ਪਾਉਂਦੀਆਂ ਹਨ।ਉਨਾਂ ਗੱਲਬਾਤ ਕਰਦਿਆਂ ਪੱਤਰਕਾਰਾਂ ਨੂੰ ਦੱਸਿਆ ਕਿ ਉਹ ਹਰ ਕਮਿਊਨਿਟੀ ਦੇ ਮਰੀਜ਼ਾਂ ਦਾ ਇਲਾਜ ਅਤੇ ਸਰਬੱਤ ਦੇ ਭਲੇ ਦੇ ਸਿਧਾਂਤ ਤੇ ਚਲਦਿਆਂ ਆਪਣਾ ਕੰਮ ਕਾਜ ਕਰੇਗੀ। ਉਹਨਾਂ ਕਿਹਾ ਕਿ ਨਵੇਂ ਮਰੀਜ਼ ਲਏ ਜਾ ਰਹੇ ਕਿਸੇ ਨੂੰ ਵੀ ਫੈਮਿਲੀ ਡਾਕਟਰ ਬਣਾਉਣ ਦੀ ਲੋੜ ਹੈ ਤਾਂ ਉਹਨਾਂ ਨਾਲ 604-557-1691 'ਤੇ ਸੰਪਰਕ ਕਰ ਸਕਦੇ ਹਨ।ਸਿੱਖ ਵਿਦਵਾਨ ਮਾਸਟਰ ਮਨਜੀਤ ਸਿੰਘ ਦਿਉਲ ਨੇ ਸਟੇਜ ਤੋਂ ਕਮੇਟੀ ਦਾ ਧੰਨਵਾਦ ਕੀਤਾ ਜੋ ਬੱਚਿਆਂ ਨੂੰ ਚੰਗੇ ਕੰਮਾ ਲਈ ਉਸ਼ਾਹਤ ਕਰ ਰਹੇ ਹਨ।

ਉਹਨਾਂ ਕਿਹਾ ਕਿ ਮਿਹਨਤ ਅੱਗੇ ਵੱਡੇ ਵੱਡੇ ਪਰਬਤ ਝੁੱਕ ਜਾਂਦੇ ਹਨ ਤੇ ਅੱਜ ਸਾਡੀਆਂ ਬੱਚੀਆਂ ਹਰੇਕ ਖੇਤਰ ਵਿੱਚ ਅੱਗੇ ਹਨ ਤੇ ਵੱਡੀਆਂ ਵੱਡੀਆਂ ਪ੍ਰਾਪਤੀਆਂ ਕਰ ਰਹੀਆਂ ਹਨ।ਉਨਾ ਅਪੀਲ ਕੀਤੀ ਮਾਤਾ ਪਿਤਾ ਕੰਮਾਂ ਕਾਰਾਂ ਦੇ ਨਾਲ ਨਾਲ ਆਪਣੇ ਬੱਚਿਆਂ ਨੂੰ ਪਹਿਲ ਦੇ ਤੌਰ ਤੇ ਸਮਾਂ ਦੇਣ ਅਤੇ ਉਚੇਰੀ ਪੜ੍ਹਾਈ ਕਰਵਾਉਣ ਇਸ ਵਿੱਚ ਹੀ ਸਾਡੀ ਕੌਮ ਦੀ ਤਰੱਕੀ ਹੈ।


SAVVY
iccrc crcic Immigration Services Inc.
ਇੰਮੀਗਰੇਸ਼ਨ ਸਬੰਧੀ ਕਿਸੇ ਵੀ ਤਰ੍ਹਾਂ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ
*Temporary Visa *Student Visa
*Work Permit *Permanent Immigration
*Humanitarian & Compassionate Cases
Harpreet K Grewal:604-832-9581
Email:info@savvyimmigrations.com www.savyimmigration.com
Unit A-32088, Cedar Lane, Abbotsford BC Canada
Mon–Sat:10:00 AM-06:00 PM Closed on Sunday




THANDI AUTO CARE CENTRE LTD
WE DO REPAIR OF ALL MAKES & MODELS
- General Repairs
- Transmission- Brakes
- Tune Ups - Mufflers
- Electrical Problems
-We also do Diesel Repairs

ਅਸੀ ਹਰ ਤਰਾਂ ਦੀਆਂ ਡੋਮੇਸਟਿਕ ਅਤੇ ਇਨਪੋਟੀਡ ਕਾਰਾਂ ਅਤੇ ਵੈਨਾਂ ਦੀ ਰੀਪੇਅਰ ਕਰਦੇ ਹਾਂ

Bhupinder Singh Thandi
Certified Auto Mechanic
604.503.0713
Fax:604.503.0712
Harp_t@hotmail.com
12383-83A Ave, Surrey, BC



FIXMAN GLASS REPAIR LTD
Auto Residential Commercial
"We Are The Clear Choice" GLASS EXPRESS
Windshield Repair & Replacement
We do ICBC and Private Claims in Cars, Vans, SUV, Trucks & Taxis and Offer Mobile Service
• ਆਈ ਸੀ ਬੀ ਸੀ ਅਤੇ ਪ੍ਰਾਈਵੇਟ ਕਲੇਮ • ਕਾਰੀਗਿਰੀ, ਲੀਕਸ ਅਤੇ ਰਾਕ ਚਿਪਸ ਤੇ
• ਲਾਈਫਟਾਈਮ ਵਾਰੰਟੀ • ਮੋਬਾਈਲ ਸਰਵਿਸ • ਬੱਗ ਸਕਰੀਨ ਵੀ ਲਾਉਂਦੇ ਹਾਂ
• ਕਾਰ ਨੂੰ ਮੁਫਤ ਸਾਫ ਕਰਦੇ ਹਾਂ • ਚੱਕਣ ਅਤੇ ਛੱਡਣ ਦਾ ਵੀ ਪ੍ਰਬੰਧ ਹੈ
2 Locations Serves You
SURREY
#301-14640-64Ave Surrey
Ph:604-657-0003
LANGLEY
#102-5968 205A St
Ph:778-258-3000

Mandeep Dhaliwal
www.fixmanglass.com Email:fixmanglass@gmail.com



Punjab TRAVELS
Special offer!
ਅਸੀਂ ਇੰਡੀਆ ਜਾਂ ਇੰਡੀਆ ਦੇ ਕਿਸੇ ਵੀ ਕੋਨੇ ਤੇ ਆਉਣ-ਜਾਣ ਲਈ ਟਿਕਟਾਂ ਬਣਾਉਂਦੇ ਹਾਂ।

ਜੀਵਨ ਸਿੰਘ ਮੋਗਾ
▸▸ ਸਪੈਸ਼ਲ ਰੇਟ : ਏਅਰ ਕਨੈਡਾ ਅਤੇ ਚਾਈਨਾ ਏਅਰ ਲਾਈਨ
▸▸ ਸਾਰੀਆਂ ਏਅਰ ਲਾਈਨਾਂ ਦੀਆਂ ਸਸਤੀਆਂ ਟਿਕਟਾਂ
▸▸ ਅਸੀਂ ਘਰੇਲੂ ਅਤੇ ਸਾਰੇ ਦੇਸ਼ਾਂ ਦੀਆਂ ਟਿਕਟਾਂ ਵੀ ਬਣਾਉਂਦੇ ਹਾਂ
Ph : 604-825-3075, 604-744-4400
2642 Cedar Park Abbotsford, British Columbia V2T 3S5



SekCheck FINGERPRINTING SERVICES
*Digital Fingerprinting *Police Certificate CPIC
*Overseas Police Check *Ink & Roll Fingerprinting
*Name Change Application *Record Suspension *US Waiver
Ph:604-628-4446, 778-536-1188
#255-13711-72Ave Surrey, BC

# ਭਾਰਤੀ ਅਦਾਲਤਾਂ ਵਿੱਚ ਦਹਾਕਿਆਂ ਤੋਂ ਲਟਕੇ ਹਜ਼ਾਰਾਂ ਕੇਸ, 30 ਸਾਲ ਤੋਂ ਵੱਧ ਪੁਰਾਣੇ 80 ਹਜ਼ਾਰ ਤੋਂ ਜ਼ਿਆਦਾ ਮਾਮਲੇ ਬਾਕੀ

ਨਵੀਂ ਦਿੱਲੀ: ਦੇਸ਼ ਦੀ ਨਿਆਂ ਪ੍ਰਣਾਲੀ ਵਿੱਚ ਲੰਬਿਤ ਮਾਮਲਿਆਂ ਦਾ ਬੋਝ ਲਗਾਤਾਰ ਵਧਦਾ ਜਾ ਰਿਹਾ ਹੈ। ਅਦਾਲਤੀ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਤਕਨਾਲੋਜੀ ਦੇ ਵਿਸਥਾਰ 'ਤੇ ਹਜ਼ਾਰਾਂ ਕਰੋੜ ਰੁਪਏ ਖਰਚ ਹੋਣ ਦੇ ਬਾਵਜੂਦ ਲੰਬੇ ਸਮੇਂ ਤੋਂ ਅਣਸੁਲਝੇ ਮਾਮਲਿਆਂ ਦੀ ਗਿਣਤੀ ਵਿੱਚ ਕੋਈ ਵੱਡੀ ਕਮੀ ਨਹੀਂ ਆਈ ਹੈ।ਸਰਕਾਰੀ ਅੰਕੜਿਆਂ ਅਨੁਸਾਰ, ਸੁਪਰੀਮ ਕੋਰਟ ਵਿੱਚ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ 10,000 ਤੋਂ ਜ਼ਿਆਦਾ ਕੇਸ ਲੰਬਿਤ ਹਨ। ਇਨ੍ਹਾਂ ਵਿੱਚੋਂ 558 ਮਾਮਲੇ 20 ਸਾਲ ਤੋਂ ਵੱਧ ਅਤੇ 26 ਕੇਸ 30 ਸਾਲ ਤੋਂ ਵੀ ਵੱਧ ਸਮੇਂ ਤੋਂ ਨਿਆਂ ਦੀ ਉਡੀਕ ਕਰ ਰਹੇ ਹਨ। ਇਸੇ ਤਰ੍ਹਾਂ ਦੇਸ਼ ਦੀਆਂ 25 ਹਾਈ ਕੋਰਟਾਂ ਵਿੱਚ 30 ਸਾਲ ਤੋਂ ਪੁਰਾਣੇ 80,000 ਤੋਂ ਵੱਧ ਮਾਮਲੇ ਅਜੇ ਵੀ ਨਿਪਟਾਰੇ ਦੀ ਉਡੀਕ ਵਿੱਚ ਹਨ।ਸੰਸਦ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਦੌਰਾਨ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ ਕਿ ਮਾਮਲਿਆਂ ਦੇ ਨਿਪਟਾਰੇ ਲਈ ਕੋਈ ਨਿਰਧਾਰਤ ਸਮਾਂ-ਸੀਮਾ ਤੈਅ ਨਹੀਂ ਹੈ। ਉਨ੍ਹਾਂ ਦੱਸਿਆ ਕਿ ਕੇਸਾਂ ਦੇ ਸਮੇਂ ਸਿਰ ਨਿਪਟਾਰੇ 'ਤੇ ਜੱਜਾਂ ਦੀ ਗਿਣਤੀ, ਅਦਾਲਤੀ ਸਟਾਫ਼, ਬੁਨਿਆਦੀ ਢਾਂਚਾ, ਮਾਮਲਿਆਂ ਦੀ ਜਟਿਲਤਾ, ਸਬੂਤਾਂ ਦੀ ਪ੍ਰਕਿਰਤੀ ਅਤੇ ਵੱਖ-ਵੱਖ ਧਿਰਾਂ ਦੇ ਸਹਿਯੋਗ ਵਰਗੇ ਕਈ ਕਾਰਕ ਪ੍ਰਭਾਵ ਪਾਂਦੇ ਹਨ।ਹਾਲਾਂਕਿ ਸੁਪਰੀਮ ਕੋਰਟ ਵਿੱਚ ਜੱਜਾਂ ਦੀਆਂ ਖਾਲੀ ਅਸਾਮੀਆਂ ਭਰਨ ਦੀ ਪ੍ਰਕਿਰਿਆ ਤੇਜ਼ ਕੀਤੀ ਜਾ ਰਹੀ ਹੈ, ਪਰ ਹਾਈ ਕੋਰਟਾਂ ਅਤੇ ਹੇਠਲੀਆਂ ਅਦਾਲਤਾਂ ਵਿੱਚ ਸਥਿਤੀ ਅਜੇ ਵੀ ਚਿੰਤਾਜਨਕ ਬਣੀ ਹੋਈ ਹੈ। ਅੰਕੜਿਆਂ ਮੁਤਾਬਕ, ਹਾਈ ਕੋਰਟਾਂ ਵਿੱਚ ਮਨਜ਼ੂਰਸ਼ੁਦਾ 1,122 ਅਹੁਦਿਆਂ ਵਿੱਚੋਂ 341 ਅਸਾਮੀਆਂ ਖਾਲੀ ਹਨ।ਇਸੇ ਤਰ੍ਹਾਂ ਹੇਠਲੀਆਂ ਅਦਾਲਤਾਂ ਵਿੱਚ 30,868 ਮਨਜ਼ੂਰਸ਼ੁਦਾ ਅਹੁਦਿਆਂ ਵਿੱਚੋਂ 7,311 ਨਿਆਂਇਕ ਅਸਾਮੀਆਂ ਖਾਲੀ ਪਈਆਂ ਹਨ।ਮਾਹਿਰਾਂ ਦਾ ਮੰਨਣਾ ਹੈ ਕਿ ਜੱਜਾਂ ਦੀਆਂ ਖਾਲੀ ਅਸਾਮੀਆਂ ਨੂੰ ਜਲਦੀ ਭਰਨਾ, ਅਦਾਲਤੀ ਢਾਂਚੇ ਨੂੰ ਹੋਰ ਮਜ਼ਬੂਤ ਕਰਨਾ ਅਤੇ ਤਕਨਾਲੋਜੀ ਦੀ ਪ੍ਰਭਾਵਸ਼ਾਲੀ ਵਰਤੋਂ ਹੀ ਲੰਬਿਤ ਮਾਮਲਿਆਂ ਦੇ ਬੋਝ ਨੂੰ ਘਟਾਉਣ ਲਈ ਅਹਿਮ ਕਦਮ ਸਾਬਤ ਹੋ ਸਕਦੇ ਹਨ।

# 2027 ਚੋਣਾਂ ਲਈ 'ਵਾਰਿਸ ਪੰਜਾਬ ਦੇ' ਦਾ ਪਹਿਲਾ ਉਮੀਦਵਾਰ ਐਲਾਨਿਆ




ਚੰਡੀਗੜ੍ਹ:2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋਣ ਲੱਗੀਆਂ ਹਨ। ਇਸੇ ਦੌਰਾਨ ਅਕਾਲੀ ਦਲ 'ਵਾਰਿਸ ਪੰਜਾਬ ਦੇ' ਨੇ ਚੋਣਾਂ ਲਈ ਆਪਣੇ ਪਹਿਲੇ ਉਮੀਦਵਾਰ ਦੇ ਨਾਮ ਦਾ ਐਲਾਨ ਕਰ ਦਿੱਤਾ ਹੈ। ਪਾਰਟੀ ਨੇ ਬੱਸੀ ਪਠਾਣਾ ਵਿਧਾਨ ਸਭਾ ਹਲਕੇ ਤੋਂ ਸਤਵੰਤ ਸਿੰਘ ਨੂੰ ਉਮੀਦਵਾਰ ਬਣਾਉਣ ਦਾ ਫ਼ੈਸਲਾ ਕੀਤਾ ਹੈ। ਸਤਵੰਤ ਸਿੰਘ, ਇੰਦਰਾ ਗਾਂਧੀ ਹੱਤਿਆ ਮਾਮਲੇ ਵਿੱਚ ਫਾਂਸੀ ਦੀ ਸਜ਼ਾ ਪਾਏ ਗਏ ਕੇਹਰ ਸਿੰਘ ਦੇ ਪੁੱਤਰ ਹਨ।ਉਮੀਦਵਾਰ ਦੇ ਨਾਮ ਦਾ ਐਲਾਨ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਅਤੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਤਰਸੇਮ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਫਰੀਦਕੋਟ ਤੋਂ ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਵੀ ਮੌਜੂਦ ਸਨ।


SARDAR JI ACADEMY
...KNOWLEDGE TEST...
CAR, TRUCK, TAXI & AIR BRAKE

ਲਰਨਿੰਗ ਲਾਇਸੈਂਸ ਦੀ ਪੰਜਾਬੀ ਅਤੇ ਅੰਗਰੇਜੀ ਵਿਚ ਤਿਆਰੀ ਕਰਵਾਈ ਜਾਂਦੀ ਹੈ
FORKLIFT TRAINING
ਇਥੇ ਫੋਰਕਲਿਫਟ ਦੇ ਲਾਇਸੈਂਸ ਅਤੇ ਸਿਟੀਜਨਸ਼ਿਪ ਦੀ ਤਿਆਰੀ ਵੀ ਕਰਵਾਈ ਜਾਂਦੀ ਹੈ
Ph:778-892-4655
#201-12885-85Ave, Surrey
Near Gurdwara Dashmesh Darbar



LANGLEY
BANQUET HALL

ਵਿਆਹ-ਸ਼ਾਦੀ, ਜਨਮ ਦਿਨ ਜਾ ਹੋਰ ਕਿਸੇ ਵੀ ਖੁਸ਼ੀ ਦੇ ਮੌਕੇ 'ਤੇ ਪਾਰਟੀ ਆਦਿ ਲਈ
ਲੈਂਗਲੀ ਬੈਂਕੁਇਟ ਹਾਲ
ਬੁੱਕ ਕਰੋ।
• Wedding • Corporate Events
•Private Dinner • Bithday Parties
• Gurudwara and Live Catering
ਅਸੀਂ ਗੁਰਦੁਆਰਾ, ਮੰਦਰ, ਵਿਆਹ ਸ਼ਾਦੀਆਂ ਜਾਂ ਹੋਰ ਕਿਸੇ ਵੀ ਤਰ੍ਹਾਂ ਦੇ ਫੰਕਸ਼ਨ ਲਈ ਵਾਜਿਬ ਕੀਮਤਾਂ ਤੇ ਕੇਟਰਿੰਗ ਵੀ ਕਰਦੇ ਹਾਂ।

Call:Davinder S. Grewal
604-537-9759
info@langleybanquethall.com
3227 264 St UNIT #6, Aldergrove, BC V4W 2X3



ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ
11267-125A St, Surrey, BC

ਗੁਰਬਾਣੀ ਸਿਮਰਨ ਹਰ ਐਤਵਾਰ
ਦੁਪਹਿਰ 1 ਤੋਂ 4 ਵਜੇ ਤੱਕ ਹੁੰਦੇ ਹਨ
23 ਅਗਸਤ ਦਿਨ ਐਤਵਾਰ
ਸੰਤ ਬਾਬਾ ਜੀਤ ਸਿੰਘ ਜੀ ਜੌਹਲਾਂ ਵਾਲੇ
ਦੀਵਾਨਾਂ ਵਿਚ ਹਾਜਰੀਆਂ ਭਰਨਗੇ
ਰੋਜਾਨਾ ਦੇ ਪ੍ਰੋਗਰਾਮ
ਸਵੇਰੇ
5 ਵਜੇ ਸਵੇਰੇ:ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼
5:15-6:15 ਵਜੇ ਤੱਕ :ਪੰਜ ਬਾਣੀਆਂ ਦੇ ਨਿਤਨੇਮ
6.30 -8 ਵਜੇ ਤੱਕ: ਆਸਾ ਜੀ ਦੀ ਵਾਰ ਦੇ ਕੀਰਤਨ
8-8:30 ਵਜੇ ਤੱਕ: ਕਥਾ ਹੁਕਮਨਾਮਾ
8:30-10 ਵਜੇ ਤੱਕ: ਕੀਰਤਨ ਅਤੇ ਸਮਾਪਤੀ
ਸ਼ਾਮ
6-6.30 ਵਜੇ ਤੱਕ:ਪਾਠ ਸੋਦਰ
6:30 -8 ਵਜੇ ਤੱਕ:ਗੁਰਬਾਣੀ ਕੀਰਤਨ ਅਤੇ ਸਮਾਪਤੀ
ਨੋਟ:ਗੁਰਦੁਆਰਾ ਸਾਹਿਬ ਵਿਖੇ ਬੁੱਧਵਾਰ, ਵੀਰਵਾਰ, ਸ਼ਨਿੱਚਰਵਾਰ ਅਤੇ ਐਤਵਾਰ ਸ਼ਾਮ 7-9 ਵਜੇ ਤੱਕ ਗੁਰਬਾਣੀ ਸੰਥਿਆ, ਕੀਰਤਨ ਤੇ ਪੰਜਾਬੀ ਦੀਆਂ ਕਲਾਸਾਂ ਲਗਦੀਆਂ ਹਨ
ਰਾਗੀ ਜੱਥਾ
ਸਤਨਾਮ ਸਿੰਘ
ਲੁਧਿਆਣੇ ਵਾਲੇ
ਕਥਾਵਾਚਕ
ਗਿਆਨੀ ਨਿਰਵੈਲ ਸਿੰਘ
ਬੀੜ ਬਾਬਾ ਬੁੱਢਾ ਜੀ ਵਾਲੇ
ਤਬਲਾ ਸਿੱਖਣ ਲਈ ਸੰਪਰਕ ਕਰੋ:
604-585-0319
ਹਰ ਮੱਸਿਆ ਤੇ ਸ਼ਾਮ ਨੂੰ 6-9 ਵਜੇ ਵਿਸ਼ੇਸ਼ ਪ੍ਰੋਗਰਾਮ ਹੁੰਦੇ ਹਨ
ਪ੍ਰੋਗਰਾਮ ਬੁਕਿੰਗ ਲਈ ਸੰਪਰਕ ਕਰ ਸਕਦੇ ਹੋ:ਗੁਰਦੁਆਰਾ ਸਾਹਿਬ:604-585-0319
ਗਿ. ਮਹਿੰਦਰ ਸਿੰਘ ਮਹਿਸੰਮਪੁਰ:778-713-5121 ਗਿ. ਬਲਦੇਵ ਸਿੰਘ:604-719-2007

# ਕਸ਼ਮੀਰੀਆਂ ਦੇ ਸਵੈ-ਨਿਰਣੇ ਦੇ ਅਧਿਕਾਰ ਲਈ ਵਿਦੇਸ਼ਾ ਵਿੱਚ ਮੀਟਿੰਗਾਂ ਜਾਰੀ

ਕਾਬੁਲ: ਪਾਕਿਸਤਾਨ ਦੇ ਕੂਟਨੀਤਕ ਯਤਨ ਕਸ਼ਮੀਰੀ ਲੋਕਾਂ ਦੀ ਸਵੈ-ਨਿਰਣੇ ਦੇ ਅਧਿਕਾਰ ਦੀ ਜਾਇਜ਼ ਅਤੇ ਸਿਧਾਂਤਕ ਮੰਗ ਦਾ ਸਮਰਥਨ ਕਰਨ ਲਈ ਦ੍ਰਿੜ ਅਤੇ ਅਟੱਲ ਹਨ, ਜੋ ਕਿ ਦੇਸ਼ ਦੀ ਵਿਦੇਸ਼ ਨੀਤੀ ਦਾ ਇੱਕ ਅਧਾਰ ਹੈ।, ਇਹ ਵਿਚਾਰ ਰਾਜਦੂਤ ਉਬੈਦ-ਉਰ-ਰਹਿਮਾਨ ਨਿਜ਼ਾਮਨੀ ਨੇ ਕਾਬੁਲ ਵਿੱਚ ਪਾਕਿਸਤਾਨ ਦੂਤਾਵਾਸ ਵਿਖੇ ਆਯੋਜਿਤ ਯੂਮ-ਏ-ਇਸਤੇਹਿਸਲ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਪ੍ਰਗਟ ਕੀਤੇ।

ਉਨ੍ਹਾਂ ਕਿਹਾ ਕਿ ਪਾਕਿਸਤਾਨ ਕਸ਼ਮੀਰ ਦੇ ਲੋਕਾਂ ਲਈ ਇਸ ਬੁਨਿਆਦੀ ਅਧਿਕਾਰ ਨੂੰ ਸੁਰੱਖਿਅਤ ਕਰਨ ਲਈ ਆਪਣੀ ਵਚਨਬੱਧਤਾ 'ਤੇ ਦ੍ਰਿੜ ਹੈ। ਉਨ੍ਹਾਂ ਕਿਹਾ ਕਿ ਪਿਛਲੇ ਛੇ ਸਾਲਾਂ ਵਿੱਚ ਕਸ਼ਮੀਰ ਵਿੱਚ ਭਾਰਤ ਦੀਆਂ ਗੈਰ-ਕਾਨੂੰਨੀ ਕਾਰਵਾਈਆਂ ਨੇ ਉਸ ਨੂੰ ਬੇਨਕਾਬ ਕਰ ਦਿੱਤਾ ਹੈ ਜਿਸਨੂੰ ਉਨ੍ਹਾਂ ਨੇ ਇਸਦੀ ਵਿਸਥਾਰਵਾਦੀ ਅਤੇ ਸਾਮਰਾਜਵਾਦੀ ਮਾਨਸਿਕਤਾ ਦੱਸਿਆ ਹੈ।



ਇਸ ਦੌਰਾਨ, ਭਾਰਤ ਵੱਲੋਂ ਧਾਰਾ 370 ਅਤੇ ਧਾਰਾ 35ਅ ਨੂੰ ਰੱਦ ਕਰਨ ਦੀ ਵਰ੍ਹੇਗੰਢ ਨੂੰ ਮਨਾਉਣ ਵਾਲੀ ਇੱਕ ਕਾਨਫਰੰਸ ਡੱਲਾਸ, ਟੈਕਸਾਸ ਵਿੱਚ ਵੀ ਸਮਾਪਤ ਹੋਈ, ਜਿਸ ਵਿੱਚ ਸੰਯੁਕਤ ਰਾਸ਼ਟਰ ਦੇ ਸਬੰਧਤ ਮਤਿਆਂ ਦੇ ਅਨੁਸਾਰ ਕਸ਼ਮੀਰ ਮੁੱਦੇ ਦੇ ਸ਼ਾਂਤੀਪੂਰਨ ਅਤੇ ਸਥਾਈ ਹੱਲ ਦੀ ਮੰਗ ਕਰਨ ਵਾਲੇ ਮਤੇ ਨਾਲ ਇਹ ਸਮਾਗਮ ਸਮਾਪਤ ਹੋਇਆ।ਇਸ ਵਿੱਚ ਪਾਕਿਸਤਾਨੀ ਅਤੇ ਕਸ਼ਮੀਰੀ ਡਾਇਸਪੋਰਾ ਦੇ ਮੈਂਬਰਾਂ, ਸਿੱਖਸ ਫਾਰ ਜਸਟਿਸ ਦੇ ਨੁਮਾਇੰਦਿਆਂ ਅਤੇ ਭਾਈਚਾਰਕ ਆਗੂਆਂ ਨੇ ਸ਼ਿਰਕਤ ਕੀਤੀ। ਹਿਊਸਟਨ ਵਿੱਚ ਪਾਕਿਸਤਾਨ ਦੇ ਕੌਂਸਲ ਜਨਰਲ, ਆਫ਼ਤਾਬ ਚੌਧਰੀ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦੋਂ ਕਿ ਫ੍ਰੈਂਡਜ਼ ਆਫ਼ ਕਸ਼ਮੀਰ ਦੀ ਚੇਅਰਪਰਸਨ ਗਜ਼ਾਲਾ ਹਬੀਬ ਨੇ ਕਾਨਫਰੰਸ ਦੀ ਪ੍ਰਧਾਨਗੀ ਕੀਤੀ।

# ਪ੍ਰਚਾਰਜੀਵੀ ਯੋਗੀ



ਪ੍ਰਚਾਰ 'ਤੇ ਖਰਚ ਕਰਨ ਵਿੱਚ ਯੂ ਪੀ ਵਿੱਚ ਯੋਗੀ ਆਦਿੱਤਿਆਨਾਥ ਸਰਕਾਰ ਦਾ ਜਵਾਬ ਨਹੀਂ। ਨਿਊਜ਼ ਵੈੱਬਸਾਈਟ ਨਿਊਜ਼ਲਾਂਡਰੀ ਵੱਲੋਂ ਰਾਜ ਸਰਕਾਰ ਦੇ ਅਧਿਕਾਰਤ ਬਜਟ ਦਸਤਾਵੇਜ਼ਾਂ ਦੇ ਵਿਸ਼ਲੇਸ਼ਣ ਤੋਂ ਇਹ ਖੁਲਾਸਾ ਹੋਇਆ ਹੈ ਕਿ ਯੋਗੀ ਸਰਕਾਰ ਨੇ ਇਸ਼ਤਿਹਾਰਾਂ 'ਤੇ ਰੋਜ਼ਾਨਾ ਔਸਤਨ 2.32 ਕਰੋੜ ਖਰਚ ਕੀਤੇ ਹਨ। ਇਹ ਅੰਕੜਾ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੇ ਔਸਤ ਖਰਚ ਨੂੰ ਪਾਰ ਕਰ ਗਿਆ ਹੈ। ਯੋਗੀ ਸਰਕਾਰ ਨੇ ਵਿੱਤੀ ਸਾਲ 2017-18 ਅਤੇ 2024-25 (ਅੱਠ ਸਾਲ) ਵਿਚਕਾਰ ਇਸ਼ਤਿਹਾਰਬਾਜ਼ੀ ਅਤੇ ਪ੍ਰਚਾਰ 'ਤੇ ਕੁੱਲ 6,811.94 ਕਰੋੜ ਖਰਚ ਕੀਤੇ। ਇਹ ਖਰਚ ਰੋਜ਼ਾਨਾ ਔਸਤਨ ਲੱਗਪੱਗ 2.32 ਕਰੋੜ ਬਣਦਾ ਹੈ। ਪਿਛਲੇ 11 ਸਾਲਾਂ ਵਿੱਚ ਮੋਦੀ ਸਰਕਾਰ ਦਾ ਇਸ਼ਤਿਹਾਰਬਾਜ਼ੀ 'ਤੇ ਔਸਤ ਰੋਜ਼ਾਨਾ ਖਰਚ 1.5 ਕਰੋੜ ਪ੍ਰਤੀ ਦਿਨ ਰਿਹਾ ਹੈ। ਜੇ ਵਿੱਤੀ ਸਾਲ 2025-26 ਲਈ ਨਿਰਧਾਰਤ 918.83 ਕਰੋੜ ਦੇ ਬਜਟ ਪ੍ਰਬੰਧ ਨੂੰ ਵੀ ਜੋੜਿਆ ਜਾਵੇ ਤਾਂ ਨੌਂ ਸਾਲਾਂ ਲਈ ਕੁੱਲ ਪ੍ਰਚਾਰ ਬਜਟ 7,730 ਕਰੋੜ (ਔਸਤਨ 2.35 ਕਰੋੜ ਪ੍ਰਤੀ ਦਿਨ) ਨੂੰ ਪਾਰ ਕਰ ਜਾਂਦਾ ਹੈ।

ਯੂ ਪੀ ਦੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਅੱਠ ਸਾਲਾਂ ਦੇ ਖਰਚਿਆਂ ਦੇ ਵਿਸ਼ਲੇਸ਼ਣ ਤੋਂ ਪਤਾ ਲੱਗਾ ਹੈ ਕਿ 83 ਫੀਸਦੀ ਤੋਂ ਵੱਧ ਫੰਡ ਸਿਰਫ 'ਇਸ਼ਤਿਹਾਰਬਾਜ਼ੀ ਅਤੇ ਵਿਜ਼ੂਅਲ ਪਬਲੀਸਿਟੀ' ਉੱਤੇ ਖਰਚ ਕੀਤੇ ਗਏ, ਜਿਸ ਰਾਹੀਂ ਸਰਕਾਰੀ ਫੰਡ ਅਖਬਾਰਾਂ, ਟੀ ਵੀ ਚੈਨਲਾਂ ਅਤੇ ਡਿਜੀਟਲ ਪਲੇਟਫਾਰਮਾਂ ਨੂੰ ਪ੍ਰਦਾਨ ਕੀਤੇ ਜਾਂਦੇ ਹਨ।

ਇਸ਼ਤਿਹਾਰਬਾਜ਼ੀ ਅਤੇ ਵਿਜ਼ੂਅਲ ਪਬਲੀਸਿਟੀ ਖਰਚ 2017-18 ਵਿੱਚ 236.33 ਕਰੋੜ ਤੋਂ ਵਧ ਕੇ 2024-25 ਵਿੱਚ 1,205.06 ਕਰੋੜ ਹੋ ਗਿਆ। ਨਿਊਜ਼ਲਾਂਡਰੀ ਨੇ ਸੂਚਨਾ ਵਿਭਾਗ ਕੋਲ ਇੱਕ ਆਰ ਟੀ ਆਈ ਬੇਨਤੀ ਦਾਇਰ ਕਰਕੇ ਇਹ ਜਾਣਕਾਰੀ ਮੰਗੀ ਸੀ ਕਿ ਕਿਹੜੇ ਮੀਡੀਆ ਗਰੁੱਪਾਂ ਨੂੰ ਇਸ਼ਤਿਹਾਰਬਾਜ਼ੀ ਫੰਡਿੰਗ ਮਿਲੀ, ਪਰ ਸਰਕਾਰ ਨੇ ਇਹ ਜਾਣਕਾਰੀ ਪ੍ਰਦਾਨ ਕਰਨ ਤੋਂ ਇਨਕਾਰ ਕਰ ਦਿੱਤਾ। ਹਾਲਾਂਕਿ, 2021 ਵਿੱਚ ਇੱਕ ਆਰ ਟੀ ਆਈ ਜਵਾਬ ਦੇ ਆਧਾਰ 'ਤੇ ਇੱਕ ਨਿਊਜ਼ਲਾਂਡਰੀ ਰਿਪੋਰਟ ਨੇ ਖੁਲਾਸਾ ਕੀਤਾ ਕਿ ਯੋਗੀ ਸਰਕਾਰ ਨੇ ਸਿਰਫ ਇੱਕ ਸਾਲ (2020-21) ਵਿੱਚ ਟੀ ਵੀ ਨਿਊਜ਼ ਚੈਨਲਾਂ ਨੂੰ 160 ਕਰੋੜ ਦੇ ਇਸ਼ਤਿਹਾਰ ਅਲਾਟ ਕੀਤੇ ਸਨ। ਇਸ ਵਿੱਚੋਂ ਸਭ ਤੋਂ ਵੱਧ ਰਕਮ 28.82 ਕਰੋੜ, ਮੁਕੇਸ਼ ਅੰਬਾਨੀ ਦੀ ਮਲਕੀਅਤ ਵਾਲੇ ਨੈੱਟਵਰਕ 18 ਸਮੂਹ ਨੂੰ ਗਈ।

ਇਸ ਰਿਪੋਰਟ ਦੇ ਸਾਹਮਣੇ ਆਉਣ ਤੋਂ ਬਾਅਦ ਯੂ ਪੀ ਦੇ ਸਾਬਕਾ ਮੁੱਖ ਮੰਤਰੀ ਅਤੇ ਸਪਾ ਮੁਖੀ ਅਖਿਲੇਸ਼ ਯਾਦਵ ਨੇ ਯੋਗੀ-ਮੋਦੀ ਡਬਲ-ਇੰਜਣ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਹੈ ਕਿ ਯੋਗੀ ਪ੍ਰਚਾਰਜੀਵੀ ਹਨ। ਉਨ੍ਹਾ ਦਾਅਵਾ ਕੀਤਾ ਹੈ ਕਿ ਜਿਸ ਤਰ੍ਹਾਂ ਮੁੱਖ ਮੰਤਰੀ ਨੂੰ ਅਯੁੱਧਿਆ ਜਾਣ ਦਾ ਰਿਕਾਰਡ ਬਣਾਉਣ ਦੇ ਬਾਵਜੂਦ ਅੰਤ ਵਿੱਚ ਬਦਨਾਮੀ ਤੋਂ ਇਲਾਵਾ ਕੁਝ ਨਹੀਂ ਮਿਲਿਆ, ਉਸੇ ਤਰ੍ਹਾਂ ਝੂਠੇ ਸਵੈ-ਪ੍ਰਸੰਸਾ ਵਾਲੇ ਇਸ਼ਤਿਹਾਰਾਂ 'ਤੇ ਪ੍ਰਤੀ ਦਿਨ 2.3 ਕਰੋੜ ਰੁਪਏ ਖਰਚ ਕਰਨ ਦੇ ਬਾਵਜੂਦ ਮੁੱਖ ਮੰਤਰੀ ਨੂੰ ਬਦਨਾਮੀ ਤੋਂ ਇਲਾਵਾ ਕੁਝ ਨਹੀਂ ਮਿਲਣਾ। ਬਿਨਾਂ ਸੋਚੇ-ਸਮਝੇ ਪ੍ਰਚਾਰ ਕੁਝ ਵੀ ਪ੍ਰਾਪਤ ਨਹੀਂ ਕਰਦਾ। ਜੇ ਮੁੱਖ ਮੰਤਰੀ ਇਕੱਲੇ ਬੈਠ ਕੇ ਵਿਚਾਰ ਕਰਨਗੇ ਤਾਂ ਉਨ੍ਹਾ ਨੂੰ ਅਹਿਸਾਸ ਹੋਵੇਗਾ ਕਿ ਉਨ੍ਹਾ ਦੀ ਆਪਣੀ ਪ੍ਰਚਾਰ ਮਸ਼ੀਨਰੀ ਉਨ੍ਹਾ ਦਾ ਅੰਤ ਨੇੜੇ ਲਿਆ ਰਹੀ ਹੈ।

# ਬਜ਼ੁਰਗ ਮੁਸਲਮਾਨ ਨੂੰ ਮੁਰਗੀ ਲਿਜਾਣ 'ਤੇ ਕੁੱਟਿਆ ਗਿਆ

ਗਾਜ਼ੀਆਬਾਦ: ਉੱਤਰ ਪ੍ਰਦੇਸ਼ ਦੇ ਗਾਜ਼ੀਆਬਾਦ ਵਿੱਚ ਇੱਕ ਬਜ਼ੁਰਗ ਮੁਸਲਿਮ ਵਿਅਕਤੀ ਨੂੰ ਬੇਇੱਜ਼ਤ ਅਤੇ ਹਮਲਾ ਕਰਦੇ ਹੋਏ ਦਿਖਾਏ ਗਏ ਇੱਕ ਵੀਡੀਓ ਨੇ ਸੋਸ਼ਲ ਮੀਡੀਆ 'ਤੇ ਧਿਆਨ ਖਿੱਚਿਆ ਹੈ। ਕਿਹਾ ਜਾ ਰਿਹਾ ਹੈ ਕਿ ਉਸਨੂੰ ਸਾਵਣ ਦੇ ਹਿੰਦੂ ਮਹੀਨੇ ਦੌਰਾਨ ਮੁਰਗੀ ਲਿਜਾਂਦੇ ਸਮੇਂ ਰੋਕਿਆ ਗਿਆ ਅਤੇ ਕੁੱਟਿਆ ਗਿਆ। ਵੀਡੀਓ ਦੇ ਨਾਲ ਪ੍ਰਸਾਰਿਤ ਜਾਣਕਾਰੀ ਦੇ ਅਨੁਸਾਰ, ਇਹ ਘਟਨਾ 7 ਅਗਸਤ ਨੂੰ ਗਾਜ਼ੀਆਬਾਦ ਦੇ ਸਿਹਾਨੀ ਖੇਤਰ ਵਿੱਚ ਵਾਪਰੀ, ਜਦੋਂ ਉਹ ਵਿਅਕਤੀ ਦਿੱਲੀ ਦੇ ਗਾਜ਼ੀਪੁਰ ਥੋਕ ਬਾਜ਼ਾਰ ਤੋਂ ਮੁਰਗੀ ਲੈ ਕੇ ਆਇਆ ਸੀ। ਹਿੰਦੂ ਰਕਸ਼ਾ ਦਲ ਦੇ ਮੈਂਬਰਾਂ 'ਤੇ ਦੋਸ਼ ਹੈ ਕਿ ਉਨ੍ਹਾਂ ਨੇ ਉਸਨੂੰ ਰੋਕਿਆ ਅਤੇ ਸਾਵਣ ਦੌਰਾਨ ਉਸਦੇ ਮੁਰਗੀ ਲਿਜਾਣ 'ਤੇ ਇਤਰਾਜ਼ ਕੀਤਾ।


SINGH THIND & ASSOCIATES

#208, 7110 120 Street, Surrey, BC

"ਆਪਣੇ ਭਾਈਚਾਰੇ ਦਾ ਮਾਣ"


*ਕ੍ਰਿਮੀਨਲ ਲਾਅ
*ਸਿਵਲ ਲਾਅ
*ਇੰਮੀਗਰੇਸ਼ਨ
*ਤਲਾਕ

Civil Litigation
*Contract Disputes
*Construction Disputes
*Debt Collection
*Business Disputes
*Builders Lien

Divorce Cases

Criminal Law
*Homicide and Attempted Homecide
*Extradition Matters
*Drug Offences
*Assaults *Sexual Assaults
*Drinking & Driving Offenses
*Theft & Robery
*Offenses related to prostitution

Immigration Law
*Immigration Appeals
*Overseas sponserships of spouses, dependant children and parents
*Inland sponserships of spouses, dependent children and parents
*Provincial Nominee Programs (PNP)
*Skilled Worker Category
*Self-Employed
*Investor and Enterpreneur Immigration
*Work Permits



AMANDEEP SINGH
JUSTIN S. THIND

604.543.3886

SINGH THIND & ASSOCIATES
BARRISTERS & SOLICITORS

VELOCITY TRUCK CENTRES

# YOUR ALL-MAKES, ALL-MODELS PARTS HUB

ਇੱਕ ਗਲੋਬਲ ਇਨਵੈਂਟੋਰੀ ਅਤੇ DTNA ਡਿਸਟ੍ਰੀਬਿਊਸ਼ਨ ਨੈੱਟਵਰਕ ਦੁਆਰਾ ਸਮਰਥਿਤ ਅਸੀਂ ਤੁਹਾਡੇ ਫਲੀਟ ਨੂੰ ਚਲਦੇ ਰੱਖਦੇ ਹਾਂ। ਹੈਵੀ-ਡਿਊਟੀ ਟਰੱਕਾਂ ਅਤੇ ਟ੍ਰੇਲਰਾਂ ਤੋਂ ਲੈ ਕੇ ਮੋਟਰਹੋਮਾਂ ਤੱਕ ਅਸੀਂ ਤੁਹਾਨੂੰ ਲੋੜੀਂਦੇ ਪੁਰਜ਼ੇ ਪ੍ਰਦਾਨ ਕਰਦੇ ਹਾਂ ਜਿਸ ਵਿੱਚ ਡੇਟ੍ਰੋਇਟ ਡੀਜ਼ਲ, ਕਮਿੰਸ ਅਤੇ CAT ਸ਼ਾਮਲ ਹਨ।

## ਪਾਰਟਸ ਲਈ ਵੇਲੋਸਿਟੀ ਕਿਉਂ ਚੁਣੋ?

- ਇੱਕ ਗਲੋਬਲ ਡੀਲਰ ਨੈੱਟਵਰਕ ਤੱਕ ਪਹੁੰਚ
- ਡਿਲੀਵਰੀ ਅਤੇ ਸਹਾਇਤਾ ਲਈ ਸਮਰਪਿਤ ਬਾਹਰੀ ਪ੍ਰਤੀਨਿਧ
- ਅਸੈਸਰੀਜ ਅਤੇ ਕਸਟਮਾਈਜੇਸ਼ਨ ਆਪਸ਼ਨਜ
- ਸਾਡੀ ਮਾਹਰ ਸੇਵਾ ਟੀਮ ਦੁਆਰਾ ਇੰਸਟਾਲੇਸ਼ਨ ਸਰਵਿਸ

PART SPECIALS

Monthly Specials
ਨਾਲ ਲੋੜੀਂਦੇ ਪੁਰਜ਼ਿਆਂ
ਤੇ ਬੱਚਤ ਕਰੋ!



DTNA Parts | ALLIANCE TRUCK PARTS | Cummins | DETROIT

## ਆਸਾਨੀ ਨਾਲ ਪਾਰਟਸ ਆਰਡਰ ਕਰੋ

ਐਕਸਲੇਰੇਟਰਪਾਰਟਸ ਡਾਟ ਕਾਮ ਅਤੇ ਇਨਰ ਸਰਕਲ ਰਿਵਾਰਡਸਐਸਐਮ ਪ੍ਰੋਗਰਾਮ ਰਾਹੀਂ, ਪਾਰਟਸ ਆਰਡਰ ਕਰਨਾ ਕਦੇ ਵੀ ਸੌਖਾ ਨਹੀਂ ਰਿਹਾ:

* ਪਾਰਟਸ 'ਤੇ ਵੱਧ ਤੋਂ ਵੱਧ ਛੋਟ
* ਵਿਸ਼ੇਸ਼ ਪੇਸ਼ਕਸ਼ਾਂ ਅਤੇ ਵਾਰ-ਵਾਰ ਪ੍ਰੋਮੋਸ਼ਨ
* ਤੇਜ਼, ਸਰਲ VIN-ਅਧਾਰਤ ਆਰਡਰ

ਅੱਜ ਹੀ ਇਨਰ ਸਰਕਲ ਰਿਵਾਰਡਸ ਵਿੱਚ ਸ਼ਾਮਲ ਹੋਵੋ। ਬੱਚਤ ਸ਼ੁਰੂ ਕਰਨ ਲਈ ਆਪਣੇ ਵੇਲੋਸਿਟੀ ਪਾਰਟਸ ਪ੍ਰਤੀਨਿਧੀ ਨਾਲ ਸੰਪਰਕ ਕਰੋ।

EXCELERATOR SM
INNER CIRCLE REWARDS

Search, Find, Buy
ExceleratorParts.com

672.727.9560 | 604.888.1424 | velocitytruckcentres.ca
18688 - 96th Ave, Surrey, BC, V4N 3P9, Canada

# Call: 672-727-9560

ੴ

TRUTH IS THE HIGHEST OF ALL THINGS:
HIGHER STILL IS TRUTHFUL LIVING -GURU NANAK DEV JI

ੴ ਸਤਿਗੁਰ ਪ੍ਰਸਾਦਿ

# ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ

12885-85Ave. Surrey, BC V3W 0K8 Canada






## ਗੁਰਦੁਆਰਾ ਸਾਹਿਬ ਦਸ਼ਮੇਸ਼ ਦਰਬਾਰ ਸਰੀ ਵਿਖੇ ਹੋ ਰਹੇ ਪ੍ਰੋਗਰਾਮਾਂ ਦਾ ਵੇਰਵਾ

ਸ੍ਰੀ ਗੁਰੂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ 16 ਨਵੰਬਰ ਤੋਂ 25 ਨਵੰਬਰ ਤੱਕ ਜੱਥਾ ਪਾਕਿਸਤਾਨ ਦੇ ਗੁਰਧਾਮਾਂ ਦੇ ਦਰਸ਼ਨਾਂ ਲਈ ਜਾ ਰਿਹਾ ਹੈ ਜਿਨ੍ਹਾਂ ਸੰਗਤਾਂ ਨੇ ਜਾਣਾ ਹੋਵੇ ਉਹ ਗੁਰਦੁਆਰਾ ਸਾਹਿਬ ਆਪਣੇ ਨਾਮ ਲਿਖਵਾ ਦਿਓ ਜੀ।

ਗੁਰੂਘਰ ਵਿਖੇ 21 ਅਗਸਤ ਦਿਨ ਸ਼ੁੱਕਰਵਾਰ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਤੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਅਤੇ ਸਮੂਹ ਮਹਾਂਪੁਰਖਾਂ ਦੀ ਯਾਦ ਵਿਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ।

ਇਸ ਹਫਤੇ ਗੁਰੂਘਰ ਵਿਖੇ ਸ਼ਹੀਦੀ ਦਿਵਸ ਗੁਰਮੇਜ਼ ਸਿੰਘ ਚਾਚੋਵਾਲੀ ਮਨਾਇਆ ਜਾਵੇਗਾ।
*12 ਅਗਸਤ ਦਿਨ  ਬੁੱਧਵਾਰ ਸੁਖਮਨੀ ਸਾਹਿਬ ਦੇ ਪਾਠ ਬੀਬੀ ਮਨਦੀਪ ਕੌਰ ਪਰਿਵਾਰ ਵੱਲੋਂ ਕਰਵਾਏ ਜਾਣਗੇ।
*14 ਅਗਸਤ ਦਿਨ ਸ਼ੁੱਕਰਵਾਰ 6 ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ:
(1)ਬੀ: ਕਰੀਨਾ ਕੌਰ ਬੈਂਸ (2)ਭਾ: ਬੱਬਰ ਸਿੰਘ ਤੰਬੜ (3)ਭਾ: ਗੁਰਵਿੰਦਰ ਸਿੰਘ ਸਿੱਧੂ (4)ਭਾ: ਪਰਮਿੰਦਰ ਸਿੰਘ ਜੌਹਲ (5)ਪਿੰਡ ਚੌਗਾਵਾਂ (ਮੋਗਾ) ਦੀ ਸੰਗਤ ਵੱਲੋਂ ਬਾਬਾ ਅਮਰ ਸਿੰਘ ਸੋਢੀ ਜੀ ਦੀ ਬਰਸੀ (6)ਭਾ: ਜਸਵੰਤ ਸਿੰਘ ਪਰਿਵਾਰ ਵੱਲ
*15 ਅਗਸਤ ਦਿਨ ਸ਼ਨਿੱਚਰਵਾਰ 2 ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਪਾਠ ਕਰਵਾਏ ਜਾਣਗੇ:
(1)ਬੀਬੀ ਵਰਿੰਦਰ ਕੌਰ (2) ਭਾਈ ਸੁਖਦੇਵ ਸਿੰਘ ਧਾਲੀਵਾਲ
*15 ਅਗਸਤ ਦਿਨ ਸ਼ਨਿੱਚਰਵਾਰ ਅਨੰਦ ਕਾਰਜ ਭਾ: ਸਪਨਜੀਤ ਸਿੰਘ ਰੰਧਾਵਾ ਪਰਿਵਾਰ ਵੱਲੋਂ
*16 ਅਗਸਤ ਦਿਨ ਐਤਵਾਰ 2 ਪਰਿਵਾਰਾਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਜਾਣਗੇ:
1)ਬੀ:ਤੀਰਥ ਕੌਰ (2) ਭਾ: ਪਰਮਜੋਤ ਸਿੰਘ
*16 ਅਗਸਤ ਦਿਨ ਐਤਵਾਰ ਫਿਊਨਰਲ 10 ਵਜੇ ਬੀਬੀ ਚਰਨ ਕੌਰ ਢਿੱਲੋਂ, ਅੰਤਿਮ ਅਰਦਾਸ 12 ਵਜੇ ਹੋਵੇਗੀ।

26 ਅਗਸਤ ਦਿਨ ਸ਼ਨਿਚਰਵਾਰ ਨੂੰ ਸ਼ਾਮ 6.30 ਤੋਂ 8.30 ਵਜੇ ਤੱਕ ਕਥਾ ਦਰਬਾਰ ਹੋਵੇਗਾ

23 ਅਗਸਤ ਦਿਨ ਐਤਵਾਰ ਸ਼ਾਮ 4 ਵਜੇ ਅੰਮ੍ਰਿਤ ਸੰਚਾਰ ਹੋਵੇਗਾ

**22 ਅਤੇ 23 ਅਗਸਤ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਸਿੱਖ ਸ਼ਹੀਦ ਯੋਧਿਆਂ ਨੂੰ ਸਮਰਪਿਤ ਗੱਤਕਾ ਮੁਕਾਬਲੇ ਹੋਣਗੇ**

**ਸਮੂਹ ਸਾਧ ਸੰਗਤ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਗੁਰੂ ਦਰਬਾਰ ਵਿਚ ਹਾਜਰੀ ਭਰ ਕੇ ਤਨ, ਮਨ, ਧਨ ਨਾਲ ਸੇਵਾ ਕਰ ਕੇ ਜੀਵਨ ਸਫਲਾ ਕਰੋ ਜੀ**

**ਗੁਰਦੁਆਰਾ ਸਾਹਿਬ ਵਿਖੇ ਕੋਈ ਵੀ ਸੇਵਾ ਲੈਣ ਅਤੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ 604-594-2574 ਤੇ ਸੰਪਰਕ ਕਰੋ ਜੀ**

ਸ਼੍ਰੀ ਗੁਰੂ ਰਵਿਦਾਸ ਸ਼ਕਤੀ ਅਮਰ ਰਹੇ



ਸ਼੍ਰੀ ਗੁਰੂ ਰਵਿਦਾਸ ਸ਼ਕਤੀ ਅਮਰ ਰਹੇ

# SHRI GURU RAVIDASS SABHA, VANCOUVER

7271 - GILLEY AVENUE, BURNABY BC CANADA, V5J 4W9 TEL: 604 435 9997 FAX: 604 435 7771

Web: www.gururavidasssabha.ca E-mail: info@gururavidasssabha.com

ਜੈ ਗੁਰੂਦੇਵ ।। ਹਰਿ ਸੋ ਹੀਰਾ ਛਾਡਿ ਕੈ ਕਰਹਿ ਆਨ ਕੀ ਆਸ ।। ਤੇ ਨਰ ਦੋਜਕ ਜਾਹਿਗੇ ਸਤਿ ਭਾਖੈ ਰਵਿਦਾਸ ।। ਜੈ ਭੀਮ ।।





**On Sunday, Aug 9, 2026, Langars and degas will be served by the entire Sadh-Sangat.**

**16 ਅਗਸਤ ਦਿਨ ਐਤਵਾਰ ਨੂੰ ਲੰਗਰਾਂ ਅਤੇ ਦੇਗਾਂ ਦੀ ਸੇਵਾ ਸਮੂਹ ਸਾਧ ਸੰਗਤ ਵੱਲੋਂ ਹੋਵੇਗੀ**

**On Sunday, Aug 9, 2026, Langars and degas will be served by the entire Sadh-Sangat.**

**23 ਅਗਸਤ ਦਿਨ ਐਤਵਾਰ ਨੂੰ ਲੰਗਰਾਂ ਅਤੇ ਦੇਗਾਂ ਦੀ ਸੇਵਾ ਸਮੂਹ ਸਾਧ ਸੰਗਤ ਵੱਲੋਂ ਹੋਵੇਗੀ**

**On Sunday, Aug 23, 2026, Langars and degas will be served by the entire Sadh-Sangat.**

**30 ਅਗਸਤ ਦਿਨ ਐਤਵਾਰ ਨੂੰ ਲੰਗਰਾਂ ਅਤੇ ਦੇਗਾਂ ਦੀ ਸੇਵਾ ਸਮੂਹ ਸਾਧ ਸੰਗਤ ਵੱਲੋਂ ਹੋਵੇਗੀ**

**On Sunday, Aug 30, 2026, Langars and degas will be served by the entire Sadh-Sangat.**

**6 ਸਤੰਬਰ ਦਿਨ ਐਤਵਾਰ ਨੂੰ ਲੰਗਰਾਂ ਅਤੇ ਦੇਗਾਂ ਦੀ ਸੇਵਾ**
**ਸ੍ਰੀ ਪਿਆਰਾ ਲਾਲ ਭਡੋਆ ਅਤੇ ਬੀਬੀ ਜੀਤ ਕੌਰ ਭਡੋਆ ਪਰਿਵਾਰ ਵੱਲੋਂ ਹੋਵੇਗੀ**

**On Sunday, Sept 6, 2026, Langars and degas will be served by**
**Shiri Piara Lal Bhatoia and Bibi Jeet Kaur Bhatoia**

## ਸਾਧ ਸੰਗਤ ਨੂੰ ਬੇਨਤੀ

ਆਪ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ ਕ੍ਰਿਪਾ ਕਰਕੇ ਗੁਰਦੁਆਰਾ ਸਾਹਿਬ ਵਿਖੇ ਲੰਗਰ ਜ਼ਰੂਰ ਬੁੱਕ ਕਰਵਾਓ। ਆਪ ਜੀ ਦੇ ਬਹੁਤ-ਬਹੁਤ ਧੰਨਵਾਦੀ ਹੋਵਾਂਗੇ।
The Sangat is humbly requested to book a date for Langar and Degh seva. It will be immensely appreciated.

ਆਪ ਸੰਗਤਾਂ ਨੂੰ ਨਿਮਰਤਾ ਸਹਿਤ ਹੱਥ ਬੰਨ੍ਹ ਕੇ ਬੇਨਤੀ ਹੈ ਕਿ ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਹੁਣ ਇਮਾਰਤ ਬਣਾਉਣ ਦਾ ਕੰਮ ਸ਼ੁਰੂ ਹੈ। ਆਪ ਸੰਗਤਾਂ ਗੁਰਦੁਆਰਾ ਸਾਹਿਬ ਦੀ ਇਮਾਰਤ ਵਾਸਤੇ ਮਾਇਆ ਦਾਨ ਜ਼ਰੂਰ ਕਰਨ ਦੀ ਕ੍ਰਿਪਾਲਤਾ ਕਰਨੀ। ਆਪ ਸਾਰੀਆਂ ਸੰਗਤਾਂ ਦਾ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਬਹੁਤ-ਬਹੁਤ ਧੰਨਵਾਦ ਕੀਤਾ ਜਾਂਦਾ ਹੈ।
It is with great honour we can report the Foundation Stone for the new Gurughar has been laid. Now the construction has commenced and the Sangat is reminded to generously donate funds to the construction effort. Your contributions are appreciated by the Gurughar's Prabandhak Committee.

## ਜਿਹਾ ਚੀਰੀ ਲਿਖਿਆ ਤੇਹਾ ਹੁਕਮ ਕਮਾਏ ਘਲੇ ਆਵੇ ਨਾਨਕਾ ਸਦੀ ਉਠੀ ਜਾਏ



ਗੁਰੂ ਪਿਆਰੀ ਸਾਧ ਸੰਗਤ ਜੀ ਆਪ ਜੀ ਨੂੰ ਬੜੇ ਦੁੱਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਵਿਕਟੋਰੀਆ ਨਿਵਾਸੀ ਸਰਦਾਰਾ ਰਾਮ ਤੂਰਾ ਜੀ ਦੀ ਪਤਨੀ ਨੱਜੋ ਤੂਰਾ ਜੀ ਜੋ ਕਿ ਆਪਣੀ ਜੀਵਨ ਯਾਤਰਾ ਪੂਰੀ ਕਰਕੇ ਅਚਾਨਕ ਸਨਿੱਚਰਵਾਰ 8 ਅਗਸਤ 2026 ਨੂੰ ਸਵਰਗਵਾਸ ਹੋ ਗਏ ਹਨ। ਉਹਨਾਂ ਦਾ ਅੰਤਿਮ ਸੰਸਕਾਰ Mc Call Gardens 4665 Falaise Drive Victoria ਵਿਖੇ ਸੋਮਵਾਰ 17 ਅਗਸਤ ਦਿਨ ਸੋਮਵਾਰ ਨੂੰ ਸਵੇਰੇ 10 ਵਜੇ ਹੋਵੇਗਾ। ਉਪਰੰਤ ਉਹਨਾਂ ਨਮਿਤ ਰਖਾਏ ਪਾਠ ਦੇ ਭੋਗ ਤੇ ਅੰਤਮ ਅਰਦਾਸ ਖਾਲਸਾ ਦੀਵਾਨ ਸੁਸਾਇਟੀ ਸਿੱਖ ਟੈਂਪਲ(1210 Topaz Avenue Victoria) ਵਿਖੇ ਦੁਪਹਿਰ 2 ਵਜੇ ਹੋਵੇਗੀ। ਇਸ ਦੁੱਖ ਦੀ ਘੜੀ ਵਿੱਚ ਸ੍ਰੀ ਗੁਰੂ ਰਵਿਦਾਸ ਸਭਾ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹਾ। ਵਾਹਿਗੁਰੂ ਜੀ ਅੱਗੇ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਇਸ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ।ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਸੰਪਰਕ ਕਰ ਸਕਦੇ ਹੋ:ਜਗਜੀਵਨ ਤੂਰਾ 604-764-6260,ਰੇਸ਼ਮ 250-812-8993, ਨਿਰਮਲਾ236-882-4814

ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਜਿਨ੍ਹਾਂ ਪਰਿਵਾਰਾਂ ਦੇ ਪਤੇ, ਫੋਨ ਨੰਬਰ ਅਤੇ ਈਮੇਲ ਬਦਲ ਗਏ ਹਨ, ਕਿਰਪਾ ਕਰਕੇ ਪ੍ਰਬੰਧਕ ਕਮੇਟੀ ਨੂੰ ਨੋਟ ਕਰਵਾ ਦਿਉ ਜੀ।

ਲੰਗਰ, ਵਿਆਹ ਸ਼ਾਦੀ, ਅਖੰਡ ਪਾਠ ਸਾਹਿਬ, ਜਨਮ ਦਿਨ ਅਤੇ ਹੋਰ ਪ੍ਰੋਗਰਾਮ ਦੀ ਬੁਕਿੰਗ ਕਰਵਾਉਣ ਵਾਸਤੇ ਗੁਰਦੁਆਰਾ ਸਾਹਿਬ ਵਿਖੇ ਹੇਠ ਲਿਖੇ ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ:

**TO BOOK PROGRAMS OR GURDWARA SEVA AND OTHER INFORMATION PLEASE CONTACT: 604-435-9997**

ਅਸੀਂ ਗੁਰੂ ਰਵਿਦਾਸ ਸਭਾ 'ਚ ਲੰਗਰ ਸੇਵਾ ਲੈਣ ਲਈ ਕਮਿਊਨਿਟੀ/ਸੰਗਤ ਨੂੰ ਬੇਨਤੀ ਕਰਦੇ ਹਾਂ। ਲੰਗਰ ਸੇਵਾ ਦੇ ਦਿਨਾਂ ਦੀ ਉਪਲੱਬਧਤਾ ਬਾਰੇ ਜਾਣਕਾਰੀ ਲੈਣ ਲਈ ਕ੍ਰਿਪਾ ਸੰਪਰਕ ਕਰੋ:

**PRESIDENT**
HARJIT KUMAR SOHPAUL 778-668-2653
*1st Vice President*
*RAMESH SAROYA 604-341-2652*
*2nd Vice President*
*SANTOKH JASSAL 604-671-6365*


**General Secretary**
AMARJIT SINGH LEALH
604-307-6174
*Assistant Secretary*
*MICHAEL GHIRRA 604-715-7039*

**Treasurer**
RAJESH KUMAR TOORA
604-671-3853
*Assistant Treasurer*
*KEWAL SIDHU 604-551-5588*

**BOARD OF DIRECTORS**
*Harish Bains*
*Harjinder S. Sahni*
*Piara Singh Hira*
*Surinder Pal Kalsi*
*Rakesh Kumar*
*Bill Basra*
*Kuldeep Singh Kauldhar (Spokesman)*
*Sudarshan Ardhawa*

**TRUSTEES**
*Ranjodh Washal*
*Jaswant Rai Jassal*
*Nirmal Klair*
*Sahil Gaught*
*Gurmail Singh Pal*

# ਗੁਰਦਵਾਰਾ ਨਾਨਕ ਨਿਵਾਸ




8600 - NO. 5 RD., RICHMOND, B.C. • TEL: (604)274-7479, FAX: (604) 274-0046

## ਆਉਣ ਵਾਲੇ ਪ੍ਰੋਗਰਾਮ

12 ਅਗਸਤ ਦਿਨ ਬੁੱਧਵਾਰ ਸਵੇਰੇ 10 ਵਜੇ ਹਰਕੀਰਤ ਸਿੰਘ ਸੰਧੂ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

13 ਅਗਸਤ ਦਿਨ ਵੀਰਵਾਰ ਸਵੇਰੇ 10 ਵਜੇ ਕਮਲਦੀਪ ਸਿੰਘ ਅਟਵਾਲ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

14 ਅਗਸਤ ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਰਾਜਪਾਲ ਸਿੰਘ ਮੱਟੂ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

15 ਅਗਸਤ ਦਿਨ ਸ਼ਨੀਵਾਰ ਸਵੇਰੇ 10 ਵਜੇ ਬਲਜੀਤ ਸਿੰਘ ਢਿੱਲੋਂ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

15 ਅਗਸਤ ਦਿਨ ਸ਼ਨੀਵਾਰ ਦੁਪਹਿਰ 4:30 ਵਜੇ ਸੀਸਲ ਕੌਰ ਬੈਂਸ ਦੀ ਆਤਮਿਕ ਸ਼ਾਂਤੀ ਲਈ ਪਰਿਵਾਰ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਅੰਤਿਮ ਅਰਦਾਸ ਤੇ ਲੰਗਰਾਂ ਦੀ ਸੇਵਾ ਬੈਂਸ ਪਰਿਵਾਰ ਵੱਲੋਂ ਹੋਵੇਗੀ।

ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥

16 ਅਗਸਤ ਦਿਨ ਐਤਵਾਰ ਸਵੇਰੇ 9.30 ਵਜੇ ਬਾਸੀ ਪਰਿਵਾਰ ਵੱਲੋਂ ਰਣਜੀਤ ਰਾਣੀ ਬਾਸੀ ਦੀ ਯਾਦ ਮਨਾਉਂਦਿਆਂ ਹੋਇਆ ਹਫ਼ਤਾਵਾਰੀ ਦੀਵਾਨ ‘ਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਗੁਰਬਾਣੀ ਕੀਰਤਨ ਤੇ ਲੰਗਰਾਂ ਦੀ ਸੇਵਾ ਬਾਸੀ ਪਰਿਵਾਰ ਵੱਲੋਂ ਹੋਵੇਗੀ।

16 ਅਗਸਤ ਦਿਨ ਐਤਵਾਰ ਸਵੇਰੇ 9.30 ਵਜੇ ਭਾਦਰੋਂ ਦੇ ਮਹੀਨੇ ਦੀ ਸੰਗਰਾਂਦ ਦੇ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆਂ ਸਵੇਰ ਦੇ ਦੀਵਾਨ ਵਿੱਚ ਗੁਰਬਾਣੀ ਕੀਰਤਨ, ਕਥਾ ਵਿਚਾਰਾਂ ਤੇ ਲੰਗਰਾਂ ਦੀ ਸੇਵਾ ਸਮੂਹ ਸੰਗਤਾਂ ਤੇ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹੋਵੇਗੀ।

20 ਅਗਸਤ ਦਿਨ ਵੀਰਵਾਰ ਸਵੇਰੇ 10 ਵਜੇ ਦਰਸ਼ਨ ਸਿੰਘ ਧਾਲੀਵਾਲ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

21 ਅਗਸਤ ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਗੁਰਬਿੰਦਰ ਸਿੰਘ ਬੈਂਸ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

22 ਅਗਸਤ ਦਿਨ ਸ਼ਨੀਵਾਰ ਸਵੇਰੇ 10 ਵਜੇ ਗੁਰਪ੍ਰੀਤ ਸਿੰਘ ਪੰਨੂੰ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

23 ਅਗਸਤ ਦਿਨ ਐਤਵਾਰ ਸਵੇਰੇ 9:30 ਵਜੇ ਹਫ਼ਤਾਵਾਰੀ ਦੀਵਾਨ ‘ਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਗੁਰਬਾਣੀ ਕੀਰਤਨ ਕਥਾ ਵਿਚਾਰ ਤੇ ਲੰਗਰਾਂ ਦੀ ਸੇਵਾ ਸੰਗਤਾਂ ਦੇ ਸਹਿਯੋਗ ਨਾਲ ਕੀਤੀ ਜਾਵੇਗੀ।

24 ਅਗਸਤ ਦਿਨ ਸੋਮਵਾਰ ਸਵੇਰੇ 10 ਵਜੇ ਸੰਦੀਪ ਸਿੰਘ ਗਿੱਲ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

25 ਅਗਸਤ ਦਿਨ ਮੰਗਲਵਾਰ ਸਵੇਰੇ 10 ਵਜੇ ਚਾਰਲੀ ਬਸਰਾ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

26 ਅਗਸਤ ਦਿਨ ਬੁੱਧਵਾਰ ਸਵੇਰੇ 10 ਵਜੇ ਮੋਨਾ ਜੰਡਾ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

27 ਅਗਸਤ ਦਿਨ ਵੀਰਵਾਰ ਸਵੇਰੇ 10 ਵਜੇ ਬਲਵਿੰਦਰ ਸਿੰਘ ਗਰੇਵਾਲ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

ਸਮੂਹ ਸੰਗਤ ਨੂੰ ਬੇਨਤੀ ਹੈ ਕਿ ਹਰ ਐਤਵਾਰ ਸਵੇਰੇ 10.30 ਵਜੇ ਤੋਂ 12 ਵਜੇ ਤੱਕ ਹਫ਼ਤਾਵਾਰੀ ਕੀਰਤਨ, ਕਥਾ ਸਮਾਗਮ ਹੁੰਦੇ ਹਨ, ਸੰਗਤ ਨੂੰ ਸੱਦਾ ਦਿੱਤਾ ਜਾਂਦਾ ਹੈ ਕਿ ਹਫ਼ਤਾਵਾਰੀ ਸਮਾਗਮ ਵਿੱਚ ਆ ਕੇ ਆਪਣੇ ਜੀਵਨ ਨੂੰ ਸਫਲ ਕਰੋ। ਜੇ ਕਿਸੇ ਪਰਿਵਾਰ ਨੇ ਹਫ਼ਤਾਵਾਰੀ ਦੀਵਾਨ ਵਿੱਚ ਗੁਰਬਾਣੀ ਕੀਰਤਨ ਤੇ ਲੰਗਰਾਂ ਦੀ ਸੇਵਾ ਲੈਣੀ ਹੋਵੇ ਉਹ ਪਰਿਵਾਰ ਪ੍ਰਬੰਧਕ ਕਮੇਟੀ ਨਾਲ ਸੰਪਰਕ ਕਰੋ।

ਜਰੂਰੀ ਸੂਚਨਾ: ਪੰਜਾਬੀ ਸਕੂਲ ਦੀਆਂ ਕਲਾਸਾਂ ਦਾ ਅਗਲਾ ਸੈਸ਼ਨ ਸਤੰਬਰ ਵਿਚ ਸ਼ੁਰੂ ਹੋਵੇਗਾ। ਬੇਨਤੀ ਹੈ ਕਿ ਆਪਣੇ ਬੱਚਿਆਂ ਨੂੰ ਸਕੂਲ ਵਿਚ ਦਾਖਲ ਕਰਵਾਉ ਤਾਂ ਜੋ ਬੱਚੇ ਪੰਜਾਬੀ ਬੋਲ, ਪੜ੍ਹ ਤੇ ਲਿਖ ਸਕਣ। ਵਧੇਰੇ ਜਾਣਕਾਰੀ ਲਈ ਸਕੱਤਰ ਸ. ਬਲਵੰਤ ਸਿੰਘ ਸੰਘੇੜਾ ਨਾਲ 604-836-8976 ਤੇ ਸੰਪਰਕ ਕਰੋ।

**ਹਰ ਮੰਗਲਵਾਰ ਸਵੇਰੇ 10 ਵਜੇ ਬੀਬੀਆਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕੀਤੇ ਜਾਂਦੇ ਹਨ ਅਤੇ ਲੰਗਰਾਂ ਦੀ ਸੇਵਾ ਸਮੂਹ ਸੁਖਮਨੀ ਸਾਹਿਬ ਵਾਲੀਆਂ ਬੀਬੀਆਂ ਵੱਲੋਂ ਹੁੰਦੀ ਹੈ**

### ਰੋਜ਼ਾਨਾ ਪ੍ਰੋਗਰਾਮ:

ਸਵੇਰੇ 5:00 ਪ੍ਰਕਾਸ਼ ਗੁਰੂ ਗ੍ਰੰਥ ਸਾਹਿਬ, ਸਵੇਰੇ 6:00 ਤੋਂ 6:45 ਨਿਤਨੇਮ, ਸਵੇਰੇ 7:00 ਤੋਂ 7:30 ਕੀਰਤਨ ਦੀਵਾਨ, ਸਵੇਰੇ 7:30 ਤੋਂ 7:45 ਕਥਾ, ਸਵੇਰੇ 7:45 ਤੋਂ 8:00 ਅਰਦਾਸ ਸਮਾਪਤੀ

### ਸ਼ਾਮ ਦੇ ਦੀਵਾਨ:

ਰਹਿਰਾਸ ਸਾਹਿਬ ਸ਼ਾਮ 6 ਤੋਂ 6:20 ਵਜੇ ਤੱਕ   ਕੀਰਤਨ/ਅਰਦਾਸ/ਹੁਕਮਨਾਮਾ 6.20 ਤੋਂ 6.45 ਵਜੇ ਤੱਕ   ਸੁਖਆਸਣ ਰਾਤ 8:00 ਵਜੇ

| ਪ੍ਰਧਾਨ | ਖਜ਼ਾਨਚੀ | ਸਕੱਤਰ | ਸਹਾਇਕ ਸਕੱਤਰ |
|---|---|---|---|
| ਮੋਹਨ ਸਿੰਘ ਸੰਧੂ | ਕਮਲਜੀਤ ਸਿੰਘ ਦੁਸਾਂਝ | ਬਲਵੰਤ ਸਿੰਘ ਸੰਘੇੜਾ | ਕੰਵਰਜੀਤ ਸਿੰਘ ਸਹੋਤਾ |

**ਗੁਰਦੁਆਰਾ ਸਾਹਿਬ ਦਾ ਫੋਨ:604-274-7479**

Email:iccc8600@gmail.com

# ਗੁਰਬਾਣੀ ਮਨੁੱਖ ਨੂੰ ਜੀਵਨ ਜਿਉਣ ਦੀ ਜਾਚ ਸਿਖਾਉਂਦੀ ਹੈ, ਗੁਰਬਾਣੀ ਦੇ ਜਾਪ ਨਾਲ ਵਿਚਾਰ ਅਤੇ ਅਮਲ ਦੀ ਲੋੜ ਹੈ: ਭਾਈ ਸਰਬਜੀਤ ਸਿੰਘ ਧੂੰਦਾ



ਕੌਲਨ (ਜਰਮਨੀ): ਜਰਮਨੀ ਦੀ ਪੰਥਕ ਸਟੇਜ ਵਜੋਂ ਪ੍ਰਸਿੱਧ ਗੁਰਦੁਆਰਾ ਦਸ਼ਮੇਸ਼ ਸ੍ਰੀ ਗੁਰੂ ਸਿੰਘ ਸਭਾ ਕੌਲਨ ਵਿਖੇ ਹਫ਼ਤਾਵਾਰੀ ਵਿਸ਼ੇਸ਼ ਦੀਵਾਨ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਸਜਾਏ ਗਏ। ਸਮਾਗਮ ਦੀ ਸ਼ੁਰੂਆਤ ਅੰਮ੍ਰਿਤਮਈ ਬਾਣੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਹੋਈ, ਜਿਸ ਉਪਰੰਤ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਾਮ-ਰਸ ਨਾਲ ਜੋੜਿਆ ਗਿਆ। ਸੰਗਤਾਂ ਦੀ ਪੁਰਜ਼ੋਰ ਮੰਗ 'ਤੇ ਜਰਮਨੀ ਪਹੁੰਚੇ ਕੌਮ ਦੇ ਪ੍ਰਸਿੱਧ ਗੁਰਮਤਿ ਵਿਦਵਾਨ ਭਾਈ ਸਰਬਜੀਤ ਸਿੰਘ ਧੂੰਦਾ ਨੇ ਗੁਰਬਾਣੀ ਸ਼ਬਦ ਦੀ ਗਹਿਰਾਈ ਨਾਲ ਵਿਚਾਰ ਕਰਦਿਆਂ ਕਿਹਾ ਕਿ ਗੁਰਬਾਣੀ ਮਨੁੱਖ ਦੇ ਮਨ ਨੂੰ ਟਿਕਾਉਂਦੀ, ਮਨੋਬਲ ਨੂੰ ਉੱਚਾ ਚੁੱਕਦੀ ਅਤੇ ਜੀਵਨ ਨੂੰ ਸਹੀ ਦਿਸ਼ਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਅੱਜ ਸਾਡਾ ਸਮਾਜ ਗੁਰਬਾਣੀ ਦੀ ਵਿਚਾਰ ਤੋਂ ਦੂਰ ਹੁੰਦਾ ਜਾ ਰਿਹਾ ਹੈ। ਅਸੀਂ ਗੁਰਬਾਣੀ ਨੂੰ ਸਮਝਣ ਅਤੇ ਜੀਵਨ ਵਿੱਚ ਉਤਾਰਨ ਦੀ ਬਜਾਏ ਕੇਵਲ ਪਾਠ ਕਰਨ ਤੱਕ ਹੀ ਸੀਮਤ ਹੋ ਗਏ ਹਾਂ। ਭਾਈ ਧੂੰਦਾ ਨੇ ਕਿਹਾ ਕਿ ਅਸੀਂ ਅਕਸਰ ਪਰਮਾਤਮਾ ਕੋਲ ਦੁਨਿਆਵੀ ਪਦਾਰਥਾਂ ਦੀ ਮੰਗ ਕਰਦੇ ਹਾਂ, ਜਦਕਿ ਅਸਲ ਅਰਦਾਸ ਇਹ ਹੋਣੀ ਚਾਹੀਦੀ ਹੈ ਕਿ ਹੇ ਅਕਾਲ ਪੁਰਖ! ਸਾਨੂੰ ਸਬਰ, ਸੰਤੋਖ, ਸੂਝ-ਬੂਝ ਅਤੇ ਗੁਰਮਤਿ ਅਨੁਸਾਰ ਜੀਵਨ ਜਿਉਣ ਦੀ ਸਮਝ ਬਖ਼ਸ਼। ਉਨ੍ਹਾਂ ਕਿਹਾ ਕਿ ਜੇ ਮਨੁੱਖ ਨੂੰ ਜੀਵਨ ਜਿਉਣ ਦੀ ਸਹੀ ਜਾਚ ਆ ਜਾਵੇ ਤਾਂ ਉਹ ਨਿਰਾਸ਼ਾ ਅਤੇ ਹਤਾਸ਼ਾ ਵਿੱਚ ਡੁੱਬ ਕੇ ਆਤਮਹੱਤਿਆ ਵਰਗੇ ਦੁਖਦਾਈ ਕਦਮ ਕਦੇ ਨਾ ਚੁੱਕੇ। ਉਨ੍ਹਾਂ ਸੰਗਤਾਂ ਨੂੰ ਗੁਰਮਤਿ ਸਿਧਾਂਤਾਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਉੱਤੇ ਦ੍ਰਿੜਤਾ ਨਾਲ ਪਹਿਰਾ ਦੇਣ ਦਾ ਸੱਦਾ ਦਿੰਦਿਆਂ ਕਿਹਾ ਕਿ ਗੁਰਬਾਣੀ ਨੂੰ ਸਿਰਫ਼ ਪੜ੍ਹਨਾ ਹੀ ਨਹੀਂ, ਸਗੋਂ ਸਮਝਣਾ, ਵਿਚਾਰਨਾ ਅਤੇ ਆਪਣੇ ਜੀਵਨ ਦਾ ਅੰਗ ਬਣਾਉਣਾ ਹੀ ਅਸਲ ਗੁਰਸਿੱਖੀ ਹੈ। ਸਮਾਗਮ ਦੇ ਅੰਤ ਵਿੱਚ ਵਰਲਡ ਸਿੱਖ ਪਾਰਲੀਮੈਂਟ ਦੇ ਕੋ-ਕੋਆਰਡੀਨੇਟਰ ਸਰਦਾਰ ਗੁਰਚਰਨ ਸਿੰਘ ਗੁਰਾਇਆ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਖਾਲਿਸਤਾਨ ਦੇ ਨਾਮ ਹੇਠ ਸਿੱਖ ਪ੍ਰਚਾਰਿਕਾ ਤੇ ਉਹਨਾਂ ਨੂੰ ਸੁਣਨ ਵਾਲੀਆਂ ਸੰਗਤਾਂ ਪ੍ਰਤੀ ਅੱਪ ਸ਼ਬਦ ਤੇ ਧਮਕੀਆਂ ਦੇਣ ਵਾਲਿਆ ਦਾ ਖਾਲਿਸਤਾਨ ਦੀ ਅਜ਼ਾਦੀ ਦੇ ਸੰਘਰਸ਼ ਦਾ ਕੋਈ ਸਬੰਧ ਨਹੀਂ ਸਗੋਂ ਇਹ ਲੋਕ ਸੰਘਰਸ਼ ਦੀ ਜੜ੍ਹਾਂ ਖੋਖਲੀਆਂ ਕਰਨ ਦਾ ਕੰਮ ਕਰ ਰਹੇ ਹਨ । ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਗੁਰਪਾਲ ਸਿੰਘ ਪਾਲਾ ਅਤੇ ਸਕੱਤਰ ਭਾਈ ਕੁਲਦੀਪ ਸਿੰਘ ਹੈਪੀ ਨੇ ਭਾਈ ਸਰਬਜੀਤ ਸਿੰਘ ਧੂੰਦਾ ਦਾ ਕੌਲਨ ਪਹੁੰਚਣ 'ਤੇ ਧੰਨਵਾਦ ਕਰਦਿਆਂ ਦੂਰੋਂ-ਨੇੜਿਓਂ ਪਹੁੰਚੀਆਂ ਸਮੂਹ ਸੰਗਤਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਗੁਰਦੁਆਰਾ ਦਸ਼ਮੇਸ਼ ਸ੍ਰੀ ਗੁਰੂ ਸਿੰਘ ਸਭਾ ਕੌਲਨ ਦੀ ਸਟੇਜ ਪੰਥਕ ਸਟੇਜ ਹੈ ਅਤੇ ਇਸ ਸਟੇਜ ਤੋਂ ਉਹੀ ਪ੍ਰਚਾਰਕ ਜਾਂ ਬੁਲਾਰਾ ਸੰਗਤਾਂ ਨੂੰ ਸੰਬੋਧਨ ਕਰ ਸਕਦਾ ਹੈ ਜੋ ਤਨ, ਮਨ ਅਤੇ ਬਚਨ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਤ ਮਰਿਆਦਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਿਧਾਂਤਾਂ ਪ੍ਰਤੀ ਪੂਰੀ ਨਿਸ਼ਠਾ ਰੱਖਦਾ ਹੋਵੇ।ਇਸ ਮੌਕੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਵੱਲੋਂ ਭਾਈ ਸਰਬਜੀਤ ਸਿੰਘ ਧੂੰਦਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਅੰਤ ਵਿੱਚ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਜਗਜੀਤ ਸਿੰਘ ਚੀਮਾ ਵੱਲੋਂ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿੱਚੋਂ ਹੁਕਮਨਾਮਾ ਸਰਵਣ ਕਰਵਾ ਕੇ ਦੀਵਾਨ ਦੀ ਸਮਾਪਤੀ ਕੀਤੀ ਗਈ।

## ਏਅਰ ਇੰਡੀਆ ਦੇ ਪਾਇਲਟ ਨੇ ਨਸ਼ਾ ਕੀਤਾ ਹੋਇਆ ਸੀ:ਰਿਪੋਰਟ

ਨਵੀਂ ਦਿੱਲੀ:ਫੁਕੇਟ ਤੋਂ ਦਿੱਲੀ ਆਉਣ ਵਾਲੀ ਏਅਰ ਇੰਡੀਆ ਦੀ ਫਲਾਈਟ 2379 ਦੇ ਮੁੱਖ ਪਾਇਲਟ ਦੀ ਲੈਬਾਰਟਰੀ ਟੈਸਟ ਰਿਪੋਰਟ ਵਿੱਚ ਨਸ਼ੀਲੇ ਪਦਾਰਥਾਂ ਦੀ ਵਰਤੋਂ ਦੀ ਪੁਸ਼ਟੀ ਹੋ ਗਈ ਹੈ। ਇਹ ਮਾਮਲਾ ਉਸ ਵੇਲੇ ਸਾਹਮਣੇ ਆਇਆ ਜਦੋਂ 4 ਅਗਸਤ ਨੂੰ ਏਅਰ ਇੰਡੀਆ ਦਾ ਜਹਾਜ਼ ਅਚਾਨਕ ਲਗਪਗ 300 ਫੁੱਟ ਹੇਠਾਂ ਡਿੱਗ ਕੇ ਸੰਤੁਲਿਤ ਹੋ ਗਿਆ ਜਿਸ ਕਾਰਨ 17 ਯਾਤਰੀ ਅਤੇ ਅਮਲੇ ਦੇ ਮੈਂਬਰ ਜ਼ਖਮੀ ਹੋ ਗਏ ਸਨ।ਇਸ ਮਾਮਲੇ ਨੂੰ ਲੈ ਕੇ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਨੇ ਏਅਰ ਇੰਡੀਆ ਦੇ ਸੀਈਓ ਕੈਂਪਬੈਲ ਵਿਲਸਨ ਨਾਲ ਮੁਲਾਕਾਤ ਕੀਤੀ ਅਤੇ ਇਸ ਘਟਨਾ ਬਾਰੇ ਜਾਣਕਾਰੀ ਮੰਗੀ। ਇਸ ਤੋਂ ਬਾਅਦ ਕੇਂਦਰੀ ਮੰਤਰੀ ਨੇ ਕਿਹਾ ਕਿ ਲੋਕਾਂ ਦੀ ਸੁਰੱਖਿਆ ਦੇ ਮਾਮਲੇ ਵਿਚ ਕੋਈ ਲਾਪ੍ਰਵਾਹੀ ਨਹੀਂ ਵਰਤੀ ਜਾਵੇਗੀ ਤੇ ਦੋਸ਼ੀ ਪਾਏ ਜਾਣ 'ਤੇ ਕਾਰਵਾਈ ਕੀਤੀਜਾਵੇਗੀ।


INDOOR WATER FALLS BY:
KALSI
Aluminum Products
• Patio Covers
• Sunrooms
• Aluminium & Glass Railing
• Fences
• Gate
• Security Bars
• Water Falls

Bring WATERFALL
In Your Office/House
Call a Professional Installer, Not A Salesman
604-763-5679
#108-13030-115Ave, Surrey, BC
www.kalsialuminum.com



ਮਨ ਮਨੁੱਖ ਦੀ ਕੁੰਜੀ ਹੈ Mind is the key to the man.
NATURAL HOMEOPATHIC SOLUTIONS
Homeopathic Natural Products And Consultations
• Stress • Obesity & Weight Management & much more
2nd Location at Abbotsford also
#1, 32056 Cedar Park
(Above Dr. Chan Medical Clinic)
CALL Dr. Shveta : 604-304-2236
MBBS, MD & DHMHS (ONT.)
• Children & Ladies Problems and much more
We Have Effective New Medicines Based On Latest Research For The Cure Of:
• Allergy Conditions
• Colitis • De-addiction
• Migraine • Sexual Problems
• Arthritis • Stress Anxiety
• All Auto-Immune Diseases

"Homeopath R S Saini receiving International Award"
Director, West coast Homeopathic Society of Canada
Dr.R S Saini & Dr. Shveta Has The Latest Knowledge For The Cure Of These Diseases.
ਹੋਮਿਉਪੈਥ ਆਰ. ਐਸ. ਸੈਣੀ D.HOM. (London), MD(AM), International Medal Awardee 1973 ਤੋ ਐਕਟਿਵ ਪ੍ਰੈਕਟਿਸ ਵਿੱਚ
For Abbotsford
#1, 32056 Cedar Park (Above Dr. Chan Medical Clinic)
Appointments Call Dr. Shveta
MBBS, MD & DHMHS (ONT.)
604-304-2236
For Surrey
231-8138-128 ST., SURREY
(2ND FLOOR PAYAL BUSINESS CENTER)
604-502-9579
www.homeopathsaini.com



THE CARPLAZA CAR ACCESSORIES
All Types Of Car Accessories & Installation Available
ਇਥੋਂ ਤੁਸੀਂ ਹਰੇਕ ਤਰ੍ਹਾਂ ਦੀ Car Accessory ਲੈ ਸਕਦੇ ਹੋ

*Seat Covers *Matts
*Woofers & Ambient Lights
*Android Car Player Available

Especially For Uber & Lyft Camera
778-977-0032, 778-713-6949
#5-12357-82A Ave, Surrey, BC

# 15 ਅਗਸਤ ਸਿੱਖਾਂ ਦੀ ਬਰਬਾਦੀ ਦਾ ਦਿਨ ਹੈ:ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ ਕੇ ਭਾਰਤ ਦੇ ਅਖੌਤੀ ਆਜ਼ਾਦੀ ਦਿਹਾੜੇ ਦਾ ਸਿੱਖਾਂ ਨੂੰ ਮੁਕੰਮਲ ਬਾਈਕਾਟ ਕਰਨ ਦਾ ਸੱਦਾ



ਲੰਡਨ 6 ਅਗਸਤ ( ਪੱਤਰ ਪ੍ਰੇਰਕ) ਸਿੱਖਾਂ ਦੀਆਂ ਅਣਗਿਣਤ ਕੁਰਬਾਨੀਆਂ ਨਾਲ ਲੰਬਾ ਸਮਾਂ ਸੰਘਰਸ਼ ਕਰਨ ਮਗਰੋਂ ਭਾਰਤ ਅੰਗਰੇਜਾਂ ਦੀ ਗ੍ਰਿਫਤ ਚੋਂ ਭਾਂਵੇ ਆਜ਼ਾਦ ਹੋ ਗਿਆ ਸੀ ਪਰ ਨੱਬੇ ਫੀਸਦੀ ਦੇ ਕਰੀਬ ਕੁਰਬਾਨੀਆਂ ਕਰਨ ਵਾਲੀ ਸਿੱਖ ਕੌਮ ਇਹ ਆਜ਼ਾਦੀ ਨਸੀਬ ਨਾ ਹੋ ਸਕੀ। ਸਿੱਖ ਕੌਮ ਨਾਲ ਭਾਰਤੀ ਹਾਕਮਾਂ ਵਲੋਂ ਲਗਾਤਾਰ ਵਿਤਕਰਾ, ਧੱਕੇਸ਼ਾਹੀਆਂ ਦਾ ਸਿਲਸਲਾ ਜਾਰੀ ਹੈ। ਪਿਛਲੇ 79 ਸਾਲਾਂ ਦੌਰਾਨ ਜਿੰਨੇ ਜ਼ੁਲਮ ਭਾਰਤੀ ਹਾਕਮਾਂ ਵਲੋਂ ਕੀਤੇ ਗਏ ਉਹਨਾਂ ਨੇ ਹਿਟਲਰਸ਼ਾਹੀ, ਮੀਰ ਮੰਨੂ, ਅਬਦਾਲੀ ਅਤੇ ਜਕਰੀਏ ਖਾਨ ਦੇ ਜ਼ੁਲਮਾਂ ਨੂੰ ਵੀ ਮਾਤ ਪਾ ਦਿੱਤੀ ਹੈ।

ਤੇਰਾਂ ਐਪਰੈਲ 1978 ਦਾ ਖੂਨੀ ਸਾਕਾ, ਜੂਨ 1984 ਦਾ ਘੱਲੂਘਾਰਾ,ਨਵੰਬਰ 1984 ਦੌਰਾਨ ਸਿੱਖਾਂ ਦੀ ਯੋਜਨਾਬੱਧ ਤਰੀਕੇ ਸਰਕਾਰੀ ਸਰਪ੍ਰਸਤੀ ਨਾਲ ਕੀਤੀ ਗਈ ਨਸਲਕੁਸ਼ੀ ਅਤੇ ਪੰਜਾਬ ਵਿੱਚ ਸਿੱਖ ਨੌਜਵਾਨਾਂ ਨੂੰ ਵੱਡੀ ਪੱਧਰ ਤੇ ਸ਼ਹੀਦ ਕਰਨਾ ਇਸ ਦਾ ਪ੍ਰਤੱਖ ਮਿਸਾਲਾਂ ਹਨ । ਇਹਨਾਂ ਸਰਕਾਰੀ ਧੱਕੇਸ਼ਾਹੀਆਂ, ਜ਼ੁਲਮਾਂ ਖਿਲਾਫ ਅਤੇ ਖਾਲਿਸਤਾਨ ਦੇ ਹੱਕ ਵਿੱਚ ਭਾਰਤੀ ਅੰਬੈਸੀ ਲੰਡਨ ਵਿੱਚ ਯੂ,ਕੇ ਦੀਆਂ ਖਾਲਿਸਤਾਨੀ ਜਥੇਬੰਦੀਆਂ ਵਲੋਂ ਹਰ ਸਾਲ ਦੀ ਤਰਾਂ 15 ਅਗਸਤ ਸ਼ਨਿਚਰਵਾਰ ਨੂੰ ਇੱਕ ਵਜੇ ਤੋਂ ਤਿੰਨ ਵਜੇ ਤੱਕ ਰੋਸ ਅਤੇ ਰੋਹ ਭਰਪੂਰ ਮੁਜਾਹਰਾ ਕੀਤਾ ਜਾਵੇਗਾ। ਬਰਤਾਨੀਆ ਵਿੱਚ ਆਜ਼ਾਦ ਸਿੱਖ ਖਾਲਿਸਤਾਨ ਦੇ ਨਿਸ਼ਾਨੇ ਨੂੰ ਸਮਰਪਿਤ ਅਤੇ ਯਤਨਸ਼ੀਲ ਸਿੱਖ ਜਥੇਬੰਦੀਆਂ ਦੇ ਸੰਗਠਨ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਦੇ ਕੋਆਰਡੀਨੇਟਰਜ ਭਾਈ ਕੁਲਦੀਪ ਸਿੰਘ ਚਹੇੜੂ,ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਜਥੇਦਾਰ ਜੋਗਾ ਸਿੰਘ ਨੇ ਜਾਰੀ ਪ੍ਰੈੱਸ ਬਿਆਨ ਵਿੱਚ ਸਿੱਖ ਕੌਮ ਨੂੰ ਸਨਿਮਰ ਅਪੀਲ ਕੀਤੀ ਹੈ ਕਿ 15 ਅਗਸਤ ਵਾਲੇ ਦਿਨ ਦੁਨੀਆਂ ਭਰ ਵਿੱਚ ਭਾਰਤੀ ਅੰਬੈਸੀਆਂ ਸਾਹਮਣੇ ਰੋਸ ਮੁਜਾਹਰੇ ਕੀਤੇ ਜਾਣ । ਇਸ ਦਿਨ ਮਨਾਏ ਜਾਣ ਵਾਲੇ ਸਰਕਾਰੀ ਅਤੇ ਗੈਰ ਸਰਕਾਰੀ ਜਸ਼ਨਾਂ ਦਾ ਸਿੱਖ ਕੌਮ ਮੁਕੰਮਲ ਬਾਈਕਾਟ ਕਰਦਿਆਂ ਦੂਰੀ ਬਣਾਕੇ ਰੱਖਣ।

ਝੂਠੇ ਪੁਲਿਸ ਮੁਕਾਬਲਿਆਂ ਦੀ ਆੜ ਹੇਠ ਪੰਜਾਬ ਪੁਲਿਸ ਵਲੋਂ ਪੰਜਾਬ ਦੀ ਹਰੇਕ ਨਹਿਰ ਹਰ ਡਰੇਨ ਹਰੇਕ ਚੌਰਾਹੇ ਨੂੰ ਸਿੱਖ ਨੌਜਵਾਨਾਂ ਦੇ ਖੂਨ ਨਾਲ ਲੱਥਪੱਥ ਕੀਤਾ ਗਿਆ। ਤਸੀਹਾ ਕੇਂਦਰਾਂ ਵਿੱਚ ਸਿੱਖ ਬਜੁਰਗਾਂ,ਸਿੱਖ ਮਾਤਾਵਾਂ ਅਤੇ ਭੈਣਾਂ ਤੇ ਭਾਰੀ ਤਸ਼ੱਦਦ ਕੀਤਾ ਗਿਆ। ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਵਲੋਂ ਆਖਿਆ ਗਿਆ ਕਿ ਸਿੱਖ ਕੌਮ ਦਾ ਨਿਸ਼ਾਨਾ ਕੇਵਲ

ਖਾਲਿਸਤਾਨ ਹੈ ਅਤੇ ਇਸਦੀ ਪੂਰਤੀ ਲਈ ਸੰਘਰਸ਼ ਜਾਰੀ ਰਹੇਗਾ । ਖਾਲਿਸਤਾਨ ਦੇ ਕੌਮੀ ਨਿਸ਼ਾਨੇ ਪ੍ਰਤੀ ਭੰਬਲਭੂਸੇ ਪੈਦਾ ਕਰਨ ਵਾਲਿਆਂ ਤੋਂ ਵੀ ਸੁਚੇਤ ਰਹਿਣ ਦੀ ਜਰੂਰਤ ਹੈ।ਭਾਰਤ ਸਰਕਾਰ ਦੀਆਂ ਏਜੰਸੀਆਂ ਸਿੱਖਾਂ ਨੂੰ ਗੁਲਾਮ ਅਤੇ ਦੁਬੇਲ ਬਣਾ ਕੇ ਰੱਖਣ ਲਈ ਕੋਝੇ ਅਤੇ ਕਮੀਨੇ ਢੰਗ ਅਪਣਾ ਰਹੀਆਂ ਹਨ । ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਵਲੋਂ ਸਿੱਖ ਜਥੇਬੰਦੀਆਂ ਨੂੰ ਅਪੀਲ ਕੀਤੀ ਗਈ ਕਿ ਖਾਲਿਸਤਾਨ ਦੀ ਜੰਗੇ ਆਜਾਦੀ ਦੇ ਜੁਝਾਰੂ ਆਗੂ ਭਾਈ ਵਧਾਵਾ ਸਿੰਘ ਬੱਬਰ, ਭਾਈ ਰਣਜੀਤ ਸਿੰਘ ਨੀਟਾ : ਸਮੇਤ ਲੰਬੇ ਅਰਸੇ ਤੋਂ ਜੇਹਲਾਂ ਵਿੱਚ ਭਾਈ ਜਗਤਾਰ ਸਿੰਘ ਹਾਵਾਰਾ,ਭਾਈ ਜਗਤਾਰ ਸਿੰਘ ਤਾਰਾ,ਭਾਈ ਜਗਤਾਰ ਸਿੰਘ ਜੱਗੀ ਜੌਹਲ, ਭਾਈ ਬਲਵੰਤ ਸਿੰਘ, ਭਾਈ ਪਰਮਜੀਤ ਸਿੰਘ ਭਿਉਰਾ,ਭਾਈ ਰਮਨਦੀਪ ਸਿੰਘ ਬੱਗਾ,ਭਾਈ ਹਰਦੀਪ ਸਿੰਘ ਸ਼ੇਰਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਸਮੂਹ ਬੰਦੀ ਸਿੰਘਾਂ ਦੀ ਚੜਦੀ ਕਲਾ, ਸਿਹਤਯਾਬੀ ਲਈ ਅਰਦਾਸਾਂ ਕੀਤੀਆਂ ਜਾਣ । ਭਾਰਤ ਵਿੱਚ ਸਿੱਖਾਂ ਸਮੇਤ ਘੱਟ ਗਿਣਤੀ ਕੌਮਾਂ ਨੂੰ ਗੁਲਾਮ ਅਤੇ ਦੁਬੇਲ ਬਣਾ ਕੇ ਰੱਖਣ ਦੀਆਂ ਕੋਡੀਆਂ ਕੁਚਾਲਾਂ ਜਾਰੀ ਹਨ । ਸਿੱਖਾਂ ਦੀਆਂ ਧਾਰਮਿਕ, ਆਰਥਿਕ ,ਸਮਾਜਿਕ,ਰਾਜਨੀਤਕ ਸਮਸਿਆਵਾਂ ਦਾ ਹੱਲ ਕੇਵਲ ਖਾਲਿਸਤਾਨ ਦੀ ਕਾਇਮੀ ਨਾਲ ਸੰਭਵ ਹੈ।ਹਰੇਕ ਸਿੱਖ ਨੂੰ ਇਹ ਮਹਿਸੂਸ ਕਰਨ ਦੀ ਲੋੜ ਹੈ ਕਿ ਸਿੱਖ ਭਾਰਤ ਵਿੱਚ ਗੁਲਾਮ ਹਨ ਅਤੇ ਇਸ ਗੁਲਾਮੀ ਤੋਂ ਛੁਟਕਾਰਾ ਪਾਉਂਣ ਲਈ ਲਾਮਬੰਦ ਹੋਣਾ ਪੈਣਾਂ ਹੈ।


ਲਰਨਿੰਗ ਲਾਇਸੈਂਸ

ਕਾਰ, ਟਰੱਕ/ ਮੋਟਰਸਾਈਕਲ
ਟੈਕਸੀ ਜਾਂ ਏਅਰ ਬਰੇਕ ਦਾ ਲਾਇਸੈਂਸ
ਪੰਜਾਬੀ ਵਿਚ ਲੈਣ ਲਈ ਸੰਪਰਕ ਕਰੋ

- ਲੇਡੀਜ਼ ਵਾਸਤੇ ਸੁਨਹਿਰੀ ਮੌਕਾ, ਹੁਣ ਤੁਸੀਂ ਕਾਰ ਦੀ ਤਰ੍ਹਾਂ ਬਿਨਾ ਗੇਅਰਾਂ ਤੋਂ ਕਲਾਸ 1 ਦਾ ਲਾਇਸੈਂਸ ਲੈ ਸਕਦੇ ਹੋ
- ਜੇ ਟਰੱਕ ਦਾ ਲਾਇਸੈਂਸ ਲੈਣਾ ਚਾਹੁੰਦੇ ਹੋ ਪਰ ਅੰਗਰੇਜੀ ਨਹੀਂ ਆਉਂਦੀ ਜਾਂ ਘੱਟ ਆਉਂਦੀ ਹੈ ਬੁੱਕ ਦੇਖ ਕੇ ਘਬਰਾ ਜਾਂਦੇ ਹੋ ਤਾਂ ਡਰੋ ਨਾ, ਹੁਣੇ ਫੋਨ ਕਰੋ




ਅਸੀਂ ਸਿਟੀਜਨਸ਼ਿਪ, ਨੈਸ਼ਨਲ ਸੇਫਟੀ ਕੋਡ ਦੀਆਂ ਕਲਾਸਾਂ ਲਗਾਉਂਦੇ ਹਾਂ

WE DO:
*CITIZENSHIP CLASSES
*NATIONAL SAFETY CODE (NSC) CLASSES

A to Z DRIVING SCHOOL
Lucky: 604-614-5365
Unit 15 - 8388 128 St., Surrey



TMG LOGISTICS INC.

Need Owner Operators

*Vancouver to California *California to Alberta Back Vancouver
*Vancouver to East USA Return

NOW HIRING

Good Paying Loads



Need Company Drivers
*Single Driver Pay 52cents/mile*
*Team Drivers 32 cents/mile*

FOR MORE INFORMATION CALL AT:
(604) 598-3680 Fax: 604-596-3681 Cell: 778-838-3680
#121-13140-80Ave Surrey, BC V3W 3B2

# ਅੰਬਾਲਾ ਨੇੜੇ ਕਾਂਗਰਸੀ ਆਗੂ ਗੁਰਸਿਮਰਨ ਸਿੰਘ ਮੰਡ ‘ਤੇ ਹਮਲਾ, ਹੱਥ ਜੋੜ ਮੰਗੀ ਮੁਆਫੀ



ਅੰਬਾਲਾ: ਹਰਿਆਣਾ ਦੇ ਅੰਬਾਲਾ ਨੇੜਲੇ ਪੰਜੋਖਰਾ ਸਾਹਿਬ ਇਲਾਕੇ ਵਿੱਚ ਕਾਂਗਰਸੀ ਆਗੂ ਗੁਰਸਿਮਰਨ ਸਿੰਘ ਮੰਡ ‘ਤੇ ਹਮਲੇ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਕੁਝ ਅਣਪਛਾਤੇ ਵਿਅਕਤੀਆਂ ਨੇ ਉਨ੍ਹਾਂ ਨਾਲ ਕੁੱਟਮਾਰ ਕੀਤੀ ਅਤੇ ਉਨ੍ਹਾਂ ਦੀ ਕਾਰ ਦੀ ਵੀ ਭੰਨਤੋੜ ਕੀਤੀ।ਮੁੱਢਲੀ ਜਾਣਕਾਰੀ ਮੁਤਾਬਕ ਹਮਲਾਵਰਾਂ ਨੇ ਕਾਰ ‘ਤੇ ਇੱਟਾਂ ਨਾਲ ਹਮਲਾ ਕੀਤਾ, ਜਿਸ ਕਾਰਨ ਵਾਹਨ ਨੂੰ ਨੁਕਸਾਨ ਪਹੁੰਚਿਆ।ਇਸ ਘਟਨਾ ਵਿੱਚ ਗੁਰਸਿਮਰਨ ਸਿੰਘ ਮੰਡ ਜ਼ਖ਼ਮੀ ਹੋਏ ਹਨ। ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਦੀ ਨਿਗਰਾਨੀ ਹੇਠ ਇਲਾਜ ਜਾਰੀ ਹੈ।ਘਟਨਾ ਨਾਲ ਸਬੰਧਤ ਇੱਕ ਵੀਡੀਓ ਵੀ ਸੋਸ਼ਲ ਮੀਡੀਆ ‘ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਵਾਇਰਲ ਵੀਡੀਓ ਵਿੱਚ ਗੁਰਸਿਮਰਨ ਸਿੰਘ ਮੰਡ ਨੂੰ ਮੁਆਫ਼ੀ ਮੰਗਦੇ ਹੋਏ ਦੇਖਿਆ ਜਾ ਸਕਦਾ ਹੈ।ਹਾਲਾਂਕਿ, ਵੀਡੀਓ ਦੀਆਂ ਸਥਿਤੀਆਂ ਅਤੇ ਇਸ ਦੇ ਪਿੱਛੇ ਦੇ ਕਾਰਨਾਂ ਬਾਰੇ ਅਜੇ ਤੱਕ ਕੋਈ ਅਧਿਕਾਰਕ ਪੁਸ਼ਟੀ ਨਹੀਂ ਹੋਈ ਹੈ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਗੁਰਸਿਮਰਨ ਸਿੰਘ ਮੰਡ ਨੇ ਦਾਅਵਾ ਕੀਤਾ ਸੀ ਕਿ ਉਨ੍ਹਾਂ ਨੂੰ ਵਿਦੇਸ਼ੀ ਨੰਬਰਾਂ ਤੋਂ ਜਾਨੋਂ ਮਾਰਨ ਦੀਆਂ ਧਮਕੀਆਂ ਮਿਲਦੀਆਂ ਰਹੀਆਂ ਹਨ। ਫਿਲਹਾਲ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## Home Improvement


ਪੰਜਾਬ ਗਾਰਡੀਅਨ ਨਾਲ ਐਡ ਪਾਉ ਅਤੇ ਆਪਣਾ ਬਿਜ਼ਨਸ ਵਧਾਓ
ਪੰਜਾਬ ਗਾਰਡੀਅਨ
Call to Advertise
604-590-5200

TOOR LANDSCAPING & FENCE
RESIDENTIAL & COMMERCIAL
• ਅਸੀਂ ਨਵੇਂ ਅਤੇ ਪੁਰਾਣੇਂ ਘਰਾਂ ਵਿੱਚ ਫੈਂਸ ਲਾਉਣ ਦਾ ਕੰਮ ਕਰਦੇ ਹਾਂ।
• 2X3 ਦਾ ਫਰੇਮ ਸੋਲਿਡ $210 ਦਾ ਪੈਨਲ
• ਪੁਰਾਣੀਂ ਚੁੱਕ ਕੇ ਲੈ ਜਾਂਦੇ ਹਾਂ।
• ਕੰਮ ਦੀ ਪੂਰੀ ਪੂਰੀ ਗਰੰਟੀ ਹੈ।
• ਸਾਡੇ ਰੇਟ ਬਹੁਤ ਹੀ ਵਾਜ਼ਬ ਹਨ।

ਅਸੀਂ ਸਪੈਸ਼ਲ ਰੇਟਾਂ ਤੇ ਫੈਂਸ ਲਾਉਂਦੇ ਹਾਂ
ਅਸੀਂ ਲੋਹੇ ਅਤੇ ਵਾਈਨਲ ਦੀ ਫੈਂਸ ਵੀ ਲਾਉਂਦੇ ਹਾਂ
ਹੋਰ ਜਾਣਕਾਰੀ ਲਈ ਜਗਤਾਰ ਨੂੰ ਫੋਨ ਕਰੋ
ਅਸੀਂ ਮਸ਼ਰੂਮ ਦਾ ਢੇਰ ਡਿਲੀਵਰ ਕਰਦੇ ਹਾਂ ਅਤੇ ਪਾ ਕੇ ਵੀ ਜਾਂਦੇ ਹਾਂ।
604-729-3225
ਅਸੀਂ ਸਨ ਡੈੱਕ ਦੇ ਸਟੈਪ ਵੀ ਬਣਾਉਂਦੇ ਹਾਂ।
ਅਸੀਂ ਕਾਂਵਾਂ ਦਾ ਪੁੱਟਿਆ ਹੋਇਆ ਘਾਹ ਵੀ ਫਿਕਸ ਕਰਦੇ ਹਾਂ

SINGH RAJ
RENOVATION CO.
We noticed your house needs minor repair
Unsure ofyourhousehold fixtures?
Just to replace or repair? Get it Done Today!
We guaranteed Singh Raj Renovation is the smartest choice for household small jobs
*Residential Wooden Stairs Jobs
*Residential Doors & Lock Jobs
*Painting & Cleaning Jobs
*Wooden Cabinets Repair & Paint
*Minor Electrical Trouble Shooting & Replacement of Lights, Washroom fans, Range hoods
*Touble Shooting in Plumbing *Replacement of Tiles, Taps, Faucets.
SPECIALISTS IN
Maintain+Repair & New Installation
Reasonable Rates
20Yrs Expriened
Call Raj: 778-229-9261

STORM
ELECTRIC LTD.
Residential & Commercial
Licenced & Bonded
*All Kinds Of Electrical Service
*Best Rate
*Friendly Service
*Quality Workmanship
Mandeep Dhaliwal
(Certified Electrician)
778-994-7207
Email:stormelectricltd@gmail.com

ਪੁਰਾਣੇ ਘਰਾਂ ਦੀ ਮੁਕੰਮਲ ਰੇਨੋਵੇਸ਼ਨ ਦਾ ਕੰਮ ਬਹੁਤ ਹੀ ਵਾਜਬ ਰੇਟਾਂ ਅਤੇ ਤਸੱਲੀਬਖਸ਼ ਕੀਤਾ ਜਾਂਦਾ ਹੈ। ਫਰੇਮਿੰਗ, ਡਰਾਈਵਾਲ, ਪੇਟਿੰਗ, ਟਾਇਲਜ਼, ਲੈਮੀਨੇਟ, ਇਲਕਟ੍ਰੀਕਲ ਪਲੰਬਿੰਗ ਅਤੇ ਫੈਨਸਿੰਗ ਦੇ ਕੰਮਾਂ ਵਿਚ ਮਾਹਿਰ

Contact for Kitchen Cabinet & Counter Tops in Homes
ਘਰ ਜਾਂ ਬੇਸਮੈਂਟ ਰਿਪੇਅਰ ਕਰਵਾਉਣ ਲਈ ਸੰਪਰਕ ਕਰੋ
236-234-4081

ਸੰਦਲ ਰੈਨੋਵੇਸ਼ਨ
Your's Complete Home Renovation
* ਫਰੇਮਿੰਗ * ਇਲੈਕਟ੍ਰੀਕਲ
* ਡਰਾਈਵਾਲ * ਪਲਬਿੰਗ
* ਪੇਂਟਿੰਗ * ਕਾਰਪੇਟ
* ਟਾਈਲਜ਼ * ਰੂਫਿੰਗ ਦਾ ਕੰਮ
* ਲੈਮੀਨੇਟ * ਸਨਡੈਕ ਦੀ ਰਿਪੇਅਰ
ਮੁਫਤ ਐਸਟੀਮੇਟ ਲਈ ਸੰਪਰਕ ਕਰੋ
ਭਿੰਦਰ: 604-725-6270

GARCHA Plumbing Heating & Repair Ltd.
15 Yrs Experience
ਨਵੇਂ ਪੁਰਾਣੇ ਘਰਾਂ ਦੀ ਹੀਟਿੰਗ ਅਤੇ ਪਲਬਿੰਗ
* Hot Water Tank Replacement
* Boiler & Furnace Repair
* Drain Cleaning
* Certified Plumber
ਹਾਟ ਵਾਟਰ ਟੈਂਕ ਉਸੇ ਦਿਨ ਬਦਲ ਦੇ ਹਾਂ
Amarjit Singh Garcha
604-306-3276
Big Or Small, We Do It All

BT LINE PAINTING CO.
ਟੌਪਲਾਈਨ ਪੇਂਟਿੰਗ ਅਸੀਂ ਸਨਡੈਕ ਵੀ ਬਣਾਉਂਦੇ ਹਾਂ
SPECIALIZING IN:
Spray & Roller Panting * Interior & Exterior * Pressure Washing*
ਅਸੀਂ ਰੀ-ਰੂਫੀਂਗ, ਫਰੇਮਿੰਗ ਅਤੇ ਡਰਾਈਵਾਲ ਦਾ ਕੰਮ ਵੀ ਕਰਦੇ ਹਾਂ।
ਹਰ ਕਿਸਮ ਦੀ ਰੈਨੋਵੇਸ਼ਨ, ਵਾਸ਼ਰੂਮ, ਹਾਰਡਵੁਡ ਫਲੋਰਿੰਗ, ਬੇਸਮੈਂਟ, ਟਾਈਲਾਂ ਆਦਿ
ਕਮਰਸ਼ੀਅਲ ਐਂਡ ਰੈਜ਼ੀਡੈਂਸ਼ੀਅਲ * ਕੁਆਲਟੀ ਵਰਕ * ਵਾਜਬ ਰੇਟ
For FREE estimates call Mr. Kulwant Singh Boyal
Cell: 604-340-7497 Res: 604-543-8064

# ਯੂਕੇ ਵਿੱਚ ਖਾਲਿਸਤਾਨ ਦੀ ਫੁੱਟਬਾਲ ਟੀਮ ਦਾ ਮੈਚ 15 ਅਗਸਤ ਨੂੰ ਹੋਵੇਗਾ:ਡੱਲੇਵਾਲ



ਲੰਡਨ- ਯੂ,ਕੇ ਦੇ ਸਿੱਖ ਨੌਜਵਾਨਾਂ ਵਲੋਂ ਇੱਕ ਵੱਡਾ ਉਪਰਾਲਾ ਕੀਤਾ ਗਿਆ ਹੈ।ਜਿਸ ਤਹਿਤ ਭਾਰਤ ਦੇ ਅਖੌਤੀ ਅਜਾਦੀ ਦਿਹਾੜੇ ਮੌਕੇ ਖਾਲਿਸਤਾਨ ਫੁੱਟਬਾਲ ਐਸੋਸੀਏਸ਼ਨ ਵਲੋਂ ਖਾਲਿਸਤਾਨ ਟੀਮ ਦਾ ਮੈਚ 15 ਅਗਸਤ ਸ਼ਨਿਚਰਵਾਰ ਸ਼ਾਮ ਨੂੰ ਕਰਵਾਇਆ ਜਾ ਰਿਹਾ ਹੈ। ਯੂ,ਕੇ ਵਿੱਚ ਖਾਲਿਸਤਾਨ ਦੀ ਫੁੱਟਬਾਲ ਟੀਮ ਦਾ ਮੈਚ ਪਹਿਲੀ ਵਾਰ ਹੋ ਰਿਹਾ ਹੈ ਜੋ ਕਿ ਅਜਾਦ ਸਿੱਖ ਰਾਜ ਖਾਲਿਸਤਾਨ ਦੀ ਕਾਇਮੀ ਦੀ ਚਾਹਤ ਰੱਖਣ ਵਾਲਿਆਂ ਵਾਸਤੇ ਖੁਸ਼ੀ ਵਾਲੀ ਗੱਲ ਹੈ। ਸਿੱਖ ਨੌਜਵਾਨਾਂ ਦੇ ਇਸ ਉਪਰਾਲੇ ਦੀ ਪ੍ਰੋੜਤਾ ਅਤੇ ਸ਼ਲਾਘਾ ਕਰਦਿਆਂ ਯੂਨਾਈਟਿਡ ਖਾਲਸਾ ਦਲ ਯੂ,ਕੇ ਦੇ ਜਨਰਲ ਸਕੱਤਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵਲੋਂ ਇੱਕ ਵੀਡੀਓ ਜਾਰੀ ਕਰਕੇ ਇਸ ਖਾਲਿਸਤਾਨ ਦੀ ਫੁੱਟਬਾਲ ਟੀਮ ਦੇ ਮੈਚ ਨੂੰ ਦੇਖਣ ਵਾਸਤੇ ਯੂ,ਕੇ ਨਿਵਾਸੀ ਸਿੱਖਾਂ ਨੂੰ ਸਨਿਮਰ ਅਪੀਲ ਕੀਤੀ ਗਈ ਹੈ।


Rai
EXPRESS LINES LTD.



Hiring
Team Owner Operators
• All miles paid
• Year round work
• Criminal record check
• Flexible time off
• On site maintenance/wash facility
• Family atmosphere
• Direct deposit



Karnail Singh Rai
President

Call today 604-503-6900
Email-kal@raiexpresslines.com www. raiexpressline.com
Unit 125-7475 135th Street, BC V3W 0M8



FRASERVIEW MEATS
The Name of Guaranteed Quality Meats



Number One Quality Meat in Lower Mainland
We also sell cooked chicken
We take orders for all occassion
Serving You Since 1993
Try our Special Chicken Tikkar



Jagir S. Nagra
604-592-2900
#102-12047-80th Ave. Surrey (Besides Mega Fruticana)
www.fraserviewmeats.com



ਕੇਟਰਿੰਗ ਦੀ ਦੁਨੀਆ ਵਿਚ ਮੰਨਿਆ ਪ੍ਰਮੰਨਿਆ ਨਾਮ
ਸ਼ਾਹੀ ਕੇਟਰਿੰਗ ਸਵੀਟਸ & ਬੈਂਕੁਇਟ ਹਾਲ
ਹਰ ਪ੍ਰਕਾਰ ਦੀ ਤਾਜਾ ਸਵਾਦਲੀ ਮਠਿਆਈ ਵਧੀਆ ਰੇਟ ਤੇ ਖਰੀਦੋ
ਅਸੀਂ ਈਟਾਲੀਅਨ, ਗਰੀਕ ਅਤੇ ਜਰਮਨ ਡਿਸ਼ਿਜ ਵੀ ਤਿਆਰ ਕਰਦੇ ਹਾਂ



ਬੈਂਕੁਇਟ ਹਾਲ
150 ਸੀਟਾਂ ਵਾਲਾ



ਘਰ ਆ ਕੇ ਤੰਦੂਰ ਲਾ ਕੇ ਬਾਰਬੀਕਿਊ ਅਤੇ ਕੇਟਰਿੰਗ ਵੀ ਕਰਦੇ ਹਾਂ




50 ਤੋਂ ਲੈ ਕੇ 1000 ਬੰਦਿਆਂ ਤੱਕ ਦੀ ਪਾਰਟੀ ਦੀ ਕੇਟਰਿੰਗ ਕਰਦੇ ਹਾਂ
ਗੁਰਦੁਆਰਾ ਸਾਹਿਬ ਲਈ ਸਪੈਸ਼ਲ ਰੇਟ
ਕੁਲਵਿੰਦਰ ਸਿੰਘ ਪੂਨੀ
12815, 85 Ave Surrey BC. | www.shahicaterers.ca | Email: kspooni95@hotmail.de
778-928-4522, 778-565-4141, 778-565-3232

ਦੇਗ ਤੇਗ ਫਤਹਿ | ਪੰਥ ਕੀ ਜੀਤ

# ਗੁਰਦੁਆਰਾ ਸਾਹਿਬ ਕਲਗੀਧਰ ਦਰਬਾਰ

## 30640 ਬਲਿਊਰਿਜ ਡਰਾਈਵ, ਐਬਟਸਫੋਰਡ, ਬੀ.ਸੀ. ਫੋਨ (604)504-5530




# ਮਹਾਨ ਨਗਰ ਕੀਰਤਨ

## 6 ਸਤੰਬਰ ਦਿਨ ਐਤਵਾਰ

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 422ਵੇਂ ਪਹਿਲੇ ਪ੍ਰਕਾਸ਼ ਦਿਹਾੜੇ ਦੀ ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈ ਹੋਵੇ ਜੀ

6 ਸਤੰਬਰ ਦਿਨ ਐਤਵਾਰ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 422ਵੇਂ ਪਹਿਲੇ ਪ੍ਰਕਾਸ਼ ਦਿਵਸ ਨੂੰ ਸਮਰਪਿਤ ਗੁਰਦੁਆਰਾ ਕਲਗੀਧਰ ਦਰਬਾਰ ਐਬਟਸਫੋਰਡ ਵੱਲੋਂ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਨਗਰ ਕੀਰਤਨ ਸਜਾਏ ਜਾਣਗੇ ਅਤੇ ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਸ਼ਾਮ ਨੂੰ ਵਿਸ਼ੇਸ਼ ਦੀਵਾਨ ਸਜਾਏ ਜਾਣਗੇ ਜਿਸ ਵਿਚ ਵੱਖ ਵੱਖ ਜਥੇ ਕਥਾ ਕੀਰਤਨ ਅਤੇ ਢਾਡੀ ਵਾਰਾਂ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।

### ਪ੍ਰੋਗਰਾਮਾਂ ਦਾ ਵੇਰਵਾ

4 ਸਤੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਜਿਹਨਾਂ ਦੇ ਭੋਗ 6 ਸਤੰਬਰ ਦਿਨ ਐਤਵਾਰ ਸਵੇਰੇ 8 ਵਜੇ ਭੋਗ ਪਾਏ ਜਾਣਗੇ।ਅਰਦਾਸ, ਹੁਕਮਨਾਮਾ ਅਤੇ ਕੀਰਤਨ ਦਰਬਾਰ ਦੀ ਸਮਾਪਤੀ ਸਵੇਰੇ 10 ਵਜੇ ਹੋਵੇਗੀ।ਉਪਰੰਤ ਸਵੇਰੇ 11 ਵਜੇ ਨਗਰ ਕੀਰਤਨ ਦੀ ਆਰੰਭਤਾ ਹੋਵੇਗੀ ਅਤੇ ਸ਼ਾਮ 4 ਵਜੇ ਸਮਾਪਤੀ ਹੋਵੇਗੀ।


ਭਾਈ ਰਵਿੰਦਰ ਸਿੰਘ ਸੋਢੀ


ਭਾਈ ਮਹਿਤਾਬ ਸਿੰਘ ਜਲੰਧਰ ਵਾਲੇ


ਸਿੰਘ ਸਾਹਿਬ ਗੁਰਚਰਨ ਸਿੰਘ







ਆਉਣ ਵਾਲੀਆਂ ਸੰਗਤਾਂ ਹੇਠ ਲਿਖੇ ਥਾਵਾਂ ਤੇ ਕਾਰਾਂ ਪਾਰਕ ਕਰ ਸਕਦੀਆਂ ਹਨ।

**Additional parking areas:**

- Dave Kandal Elementary School
- Harry Sayers Elementary School
- Rick Hansen Secondary School
- Eugene Reimer Middle School
- Church **Front Stalls ONLY** (located across from Kalgidhar Gurdwara Sahib)

The Nagar Kirtan will take place on Sunday, Sep 6th in Abbotsford BC. The parade will start at 11am from Kalgidhar Darbar Sahib Gurdwara located at 30640 Blueridge Drive, Abbotsford and will return at approximately 4 pm.The parade will be followed by religious hyms singers & preachers (Kirtani Jathas & Katha Vachaks) and final prayer (Ardas) at 9 pm at the Gurdwara. Complimentary food will be proivided at the Gurdwara *along the entire route.

## ਹੋਰ ਜਾਣਕਾਰੀ ਲਈ ਸੰਪਰਕ ਕਰ ਸਕਦੇ ਹੋ

| ਗੁਰਦੁਆਰਾ ਸਾਹਿਬ: | ਗੁਰਜੀਤ ਸਿੰਘ(ਪ੍ਰਧਾਨ) | ਮੋਤਾ ਸਿੰਘ (ਖਜਾਨਚੀ) | ਬਾਜ ਸਿੰਘ (ਸਕੱਤਰ) |
| --- | --- | --- | --- |
| 604-504-5530 | 604-835-0353 | 604-835-2731 | 604-825-6681 |


OG
TIRES & RIMS LTD.
Mobile Service 24/7
Proffesional & Reliable Service
• New & Used Tires
• Wheel Allignment
• Road Side Assistance
• Tire Rotation
• Flat Tire Repairs
• Brakes •Repairs
ਅਸੀਂ ਤੁਹਾਡੀ ਸਾਈਟ ਤੇ ਆ ਕੇ ਸਰਵਿਸ ਪ੍ਰਦਾਨ ਕਰਦੇ ਹਾਂ
ਸਾਡੇ ਕੋਲ Tires & Rims ਦੀ ਭਾਰੀ ਸਿਲੈਕਸ਼ਨ ਹੈ
10% Off on Set of New 4 Tires
All season & winter tires available all year, for any car/truck
Wheel Allignment Mounting / Balancing & Installation on all tires
Ph:604-712-3870
Email:ogtiresandrims@gmail.com
Website:www.ogtiresandrims.ca
#106-13030-115Ave, Surrey


Discover the Real Punjabi Tadka
Chawlas² SINCE 1960
The Famous Taste of Punjab
Veg & Non Veg
NOW OPEN
IN SURREY
ਲੁਧਿਆਣਾ ਦਾ ਮਸ਼ਹੂਰ
Chawla's Chicken
ਹੁਣ ਤੁਹਾਡੇ ਸ਼ਹਿਰ ਸਰੀ ਵਿਚ
Ph:778-637-0006
#107-8363 -128St, Surrey
Hours:Wednesday to Monday 10AM to 12 AM Closed:Tuesday